SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | Vol 22* Issue 158 | Friday, August 18, 2023 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' *Online*ਰੋਜ਼ਾਨਾ ਪੜ੍ਹ ਸਕਦੇ ਹੋ

## ਗੈਰਕਾਨੂੰਨੀ ਗੱਡੀਆਂ ਦੀ ਵਿੱਕਰੀ ਰੋਕਣ ਲਈ ਨਵੀਂ ਕੈਂਪੇਨ ਲਾਂਚ ਕਰੇਗੀ ਪੁਲਿਸ




ਟੋਰਾਂਟੋ, 17 ਅਗਸਤ (ਪੋਸਟ ਬਿਊਰੋ) : ਗ੍ਰੇਟਰ ਟੋਰਾਂਟੋ ਏਰੀਆ ਵਿੱਚ ਗੈਰਕਾਨੂੰਨੀ ਗੱਡੀਆਂ ਦੀ ਵਿੱਕਰੀ ਨਾਲ ਜੁੜੇ ਫਰਾਡ ਨੂੰ ਰੋਕਣ ਲਈ ਟੋਰਾਂਟੋ ਪੁਲਿਸ ਸਰਵਿਸ ਨਵੀਂ ਕੈਂਪੇਨ ਲਾਂਚ ਕਰਨ ਜਾ ਰਹੀ ਹੈ।

ਅੱਜ ਸਵੇਰੇ ਟੋਰਾਂਟੋ ਪੁਲਿਸ ਦੇ ਡਾਊਨਟਾਊਨ ਸਥਿਤ ਹੈੱਡਕੁਆਰਟਰ ਵਿੱਚ ਇਸ ਨਵੀਂ ਕੈਂਪੇਨ ਸਬੰਧੀ ਤਫਸੀਲ ਨਾਲ ਜਾਣਕਾਰੀ ਦਿੱਤੀ ਜਾਵੇਗੀ। ਟੋਰਾਂਟੋ ਪੁਲਿਸ ਦੇ ਕਾਰਜਕਾਰੀ ਡਿਪਟੀ ਚੀਫ ਕੈਲੀ ਸਕਿਨਰ ਵੱਲੋਂ ਇਸ ਕਾਨਫਰੰਸ ਵਿੱਚ ਹਿੱਸਾ ਲਏ ਜਾਣ ਦੀ ਸੰਭਾਵਨਾ ਹੈ। ਉਨ੍ਹਾਂ ਦੇ ਨਾਲ ਇਸ ਸਮੇਂ ਓਨਟਾਰੀਓ ਮੋਟਰ ਵ੍ਹੀਕਲ ਇੰਡਸਟਰੀ ਕਾਊਂਸਲ (ਓਐਮਵੀਆਈਸੀ) ਤੇ ਟੋਰਾਂਟੋ ਕ੍ਰਾਈਮ ਸਟੌਪਰਜ਼ ਦੇ ਚੇਅਰ ਸ਼ੌਨ ਸਪੋਰਟਨ ਵੀ ਮੌਜੂਦ ਹੋਣਗੇ। ਇਹ ਈਵੈਂਟ ਸਵੇਰੇ 10:30 ਵਜੇ ਹੋਵੇਗਾ।

## ਟਰੂਡੋ ਸਰਕਾਰ ਖਰਚਿਆਂ ਵਿੱਚ ਕਰੇਗੀ 15 ਬਿਲੀਅਨ ਡਾਲਰ ਦੀ ਕਟੌਤੀ : ਆਨੰਦ



ਓਟਵਾ, 17 ਅਗਸਤ (ਪੋਸਟ ਬਿਊਰੋ) : ਖਜ਼ਾਨਾ ਬੋਰਡ ਦੀ ਪ੍ਰੈਜ਼ੀਡੈਂਟ ਅਨੀਤਾ ਆਨੰਦ ਦਾ ਕਹਿਣਾ ਹੈ ਕਿ ਫੈਡਰਲ ਸਰਕਾਰ ਵੱਖ ਵੱਖ ਵਿਭਾਗਾਂ ਤੋਂ 15 ਬਿਲੀਅਨ ਡਾਲਰ ਤੋਂ ਵੱਧ ਦੀ ਬਚਤ ਕਰਨ ਦੀ ਯੋਜਨਾ ਬਣਾ ਰਹੀ ਹੈ। ਉਨ੍ਹਾਂ ਇਹ ਭਰੋਸਾ ਵੀ ਦਿਵਾਇਆ ਕਿ ਇਸ ਨਾਲ ਆਮ ਨਾਲੋਂ ਜ਼ਿਆਦਾ ਨੌਕਰੀਆਂ ਦਾ ਨੁਕਸਾਨ ਨਹੀਂ ਹੋਵੇਗਾ।

ਆਨੰਦ ਨੇ ਪਿੱਛੇ ਜਿਹੇ ਆਪਣੇ ਸਾਥੀ ਕੈਬਨਿਟ ਮੰਤਰੀਆਂ ਨੂੰ ਪੱਤਰ ਭੇਜ ਕੇ ਅਜਿਹੀਆਂ ਥਾਂਵਾਂ ਦੀ ਪਛਾਣ ਕਰਨ ਲਈ 2 ਅਕਤੂਬਰ ਤੱਕ ਦੀ ਡੈੱਡਲਾਈਨ ਦਿੱਤੀ ਹੈ ਜਿੱਥੇ ਉਹ ਆਪਣੇ ਵਿਭਾਗੀ ਬਜਟ ਵਿੱਚ ਕਟੌਤੀ ਕਰ ਸਕਦੇ ਹਨ। ਅਜਿਹਾ ਹੁਣ ਤੇ 2028 ਦਰਮਿਆਨ ਖਰਚੇ ਨੂੰ 14.1 ਬਿਲੀਅਨ ਡਾਲਰ ਤੱਕ ਘਟਾਉਣ ਤੇ ਆਉਣ ਵਾਲੇ ਸਾਲਾਂ ਵਿੱਚ ਹਰ ਸਾਲ 4.1 ਬਿਲੀਅਨ ਡਾਲਰ ਘਟਾਉਣ ਲਈ ਕੀਤਾ ਜਾ ਰਿਹਾ ਹੈ।

ਵੀਰਵਾਰ ਨੂੰ ਇੱਕ ਇੰਟਰਵਿਊ ਵਿੱਚ ਆਨੰਦ ਨੇ ਆਖਿਆ ਕਿ ਜਿਹੜਾ ਮੁਲਾਂਕਣ ਸਾਡੇ ਵੱਲੋਂ ਕੀਤਾ ਜਾ ਰਿਹਾ ਹੈ ਉਹ ਜ਼ਿੰਮੇਵਾਰ ਮੈਨੇਜਮੈਂਟ ਦਾ ਜ਼ਰੂਰੀ ਹਿੱਸਾ ਹੈ। ਉਨ੍ਹਾਂ ਇਹ ਵੀ ਆਖਿਆ ਕਿ ਉਹ ਖੁਦ ਤੇ ਉਹ ਸਾਰੇ ਇਹ ਯਕੀਨੀ ਬਣਾਉਣਾ ਚਾਹੁੰਦੇ ਹਨ ਕਿ ਟੈਕਸਦਾਤਾਵਾਂ ਦੇ ਇੱਕ ਇੱਕ ਡਾਲਰ ਦਾ ਮੁੱਲ ਮੋੜਿਆ ਜਾ ਸਕੇ ਤੇ ਇਨ੍ਹਾਂ ਨੂੰ ਹੋਰ ਸੁਚੱਜੇ ਢੰਗ ਨਾਲ ਖਰਚ ਕੀਤਾ ਜਾ ਸਕੇ। ਸਾਨੂੰ ਵਿੱਤੀ ਤੌਰ ਉੱਤੇ ਹੋਰ ਜ਼ਿੰਮੇਵਾਰੀ ਵਾਲੀ ਭੂਮਿਕਾ ਨਿਭਾਉਣ ਦੀ ਲੋੜ ਹੈ।

ਜ਼ਿਕਰਯੋਗ ਹੈ ਕਿ ਡਿਪਟੀ ਪ੍ਰਧਾਨ ਮੰਤਰੀ ਤੇ ਵਿੱਤ ਮੰਤਰੀ ਕ੍ਰਿਸਟੀਆ ਫਰੀਲੈਂਡ ਵੱਲੋਂ 2023 ਦੇ ਫੈਡਰਲ ਬਜਟ ਵਿੱਚ 15.4 ਬਿਲੀਅਨ ਡਾਲਰ ਦੀ ਬਚਤ ਦਾ ਵਾਅਦਾ ਕੀਤਾ ਗਿਆ ਸੀ। ਇਸ ਦੌਰਾਨ ਉਨ੍ਹਾਂ ਕੰਸਲਟਿੰਗ ਤੇ ਪ੍ਰੋਫੈਸ਼ਨਲ ਸੇਵਾਵਾਂ ਉੱਤੇ ਖਰਚਿਆਂ ਵਿੱਚ ਕਟੌਤੀ ਕਰਕੇ 7.1 ਬਿਲੀਅਨ ਡਾਲਰ ਦੀ ਬਚਤ ਕਰਨ ਦੀ ਯੋਜਨਾ ਬਣਾਈ ਸੀ। ਬਾਕੀ 7 ਬਿਲੀਅਨ ਡਾਲਰ ਦੀ ਕਟੌਤੀ ਡਿਪਾਰਟਮੈਂਟਲ ਖਰਚਿਆਂ ਵਿੱਚ ਤਿੰਨ ਫੀ ਸਦੀ ਕਮੀ ਲਿਆ ਕੇ ਤੇ 1.3 ਬਿਲੀਅਨ ਡਾਲਰ ਦੀ ਕਟੌਤੀ ਫੈਡਰਲ ਕ੍ਰਾਊਨ ਕਾਰਪੋਰੇਸ਼ਨਜ਼ ਤੋਂ ਅਗਲੇ ਚਾਰ ਸਾਲਾਂ ਵਿੱਚ ਘਟਾ ਕੇ ਕੀਤੀ ਜਾਣੀ ਸੀ।

ਆਨੰਦ ਨੇ ਇਹ ਵੀ ਆਖਿਆ ਕਿ ਸਰਕਾਰੀ ਖਰਚਿਆਂ ਨੂੰ ਮਹਾਂਮਾਰੀ ਤੋਂ ਪਹਿਲਾਂ ਦੇ ਪੱਧਰ ਉੱਤੇ ਲਿਆਉਣ ਲਈ ਇਹ ਸਾਰੀਆਂ ਕੋਸ਼ਿਸ਼ਾਂ ਚੱਲ ਰਹੀਆਂ ਹਨ। ਇਹ ਕਈ ਮਹੀਨਿਆਂ ਤੋਂ ਚੱਲ ਰਹੀਆਂ ਹਨ ਤੇ ਅੱਗੇ ਵੀ ਚੱਲਦੀਆਂ ਰਹਿਣਗੀਆਂ।

## ਅਮਰੀਕਾ ਵੱਲੋਂ ਸੱਜੇ ਪੱਖੀ ਸੋਚ ਅਪਣਾਏ ਜਾਣ ਉੱਤੇ ਆਪਣਾ ਗੇਮ ਪਲੈਨ ਤਿਆਰ ਰੱਖੇਗਾ ਕੈਨੇਡਾ : ਜੋਲੀ



ਓਟਵਾ, 17 ਅਗਸਤ (ਪੋਸਟ ਬਿਊਰੋ) : ਵਿਦੇਸ਼ ਮੰਤਰੀ ਮਿਲੇਨੀ ਜੋਲੀ ਨੇ ਆਖਿਆ ਕਿ ਅਗਲੇ ਸਾਲ ਹੋਣ ਵਾਲੀਆਂ ਰਾਸ਼ਟਰਪਤੀ ਦੇ ਅਹੁਦੇ ਦੀਆਂ ਚੋਣਾਂ ਤੋਂ ਬਾਅਦ ਜੇ ਅਮਰੀਕਾ ਵੱਲੋਂ ਸੱਜੇ ਪੱਖੀ ਸੋਚ ਦਾ ਸਾਥ ਦਿੱਤਾ ਜਾਂਦਾ ਹੈ ਤਾਂ ਕੈਨੇਡਾ ਦਾ ਗੇਮ ਪਲੈਨ ਕੀ ਹੋਵੇਗਾ ਇਸ ਬਾਰੇ ਹੁਣੇ ਤੋਂ ਹੀ ਵਿਚਾਰ ਵਟਾਂਦਰਾ ਕੀਤਾ ਜਾ ਰਿਹਾ ਹੈ।

ਬੁੱਧਵਾਰ ਨੂੰ ਮਾਂਟਰੀਅਲ ਦੇ ਇੱਕ ਰੇਡੀਓ ਸਟੇਸ਼ਨ ਉੱਤੇ ਇੰਟਰਵਿਊ ਦੌਰਾਨ ਫਰੈਂਚ ਵਿੱਚ ਜੋਲੀ ਨੇ ਆਖਿਆ ਕਿ ਅਸੀਂ ਵੱਖ ਵੱਖ ਪਰੀਪੇਖ ਨੂੰ ਧਿਆਨ ਵਿੱਚ ਰੱਖਕੇ ਕੰਮ ਕਰ ਰਹੇ ਹਾਂ। ਜੋਲੀ ਨੇ ਆਖਿਆ ਕਿ ਅਮਰੀਕਾ ਨਾਲ ਕੈਨੇਡਾ ਦੇ ਨੇੜਲੇ ਸਿਆਸੀ ਤੇ ਆਰਥਿਕ ਸਬੰਧਾਂ ਕਾਰਨ ਇਹ ਬਹੁਤ ਜ਼ਰੂਰੀ ਹੋ ਜਾਂਦਾ ਹੈ ਕਿ ਅਸੀਂ ਵੱਖ ਵੱਖ ਬਦਲ ਦੀ ਤਿਆਰੀ ਪਹਿਲਾਂ ਤੋਂ ਹੀ ਕਰਕੇ ਰੱਖੀਏ। ਉਨ੍ਹਾਂ ਆਖਿਆ ਕਿ ਕੈਨੇਡਾ ਕੋਲ ਗੇਮ ਪਲੈਨ ਹੈ ਪਰ ਉਨ੍ਹਾਂ ਇਸ ਬਾਰੇ ਤਫਸੀਲ ਨਾਲ ਜਾਣਕਾਰੀ ਨਹੀਂ ਦਿੱਤੀ।

ਉਨ੍ਹਾਂ ਆਖਿਆ ਕਿ ਚੋਣਾਂ ਦਾ ਨਤੀਜਾ ਜੋ ਵੀ ਨਿਕਲਦਾ ਹੈ, ਉਹ ਆਪਣੇ ਕੁਲੀਗਜ਼ ਤੇ ਮੇਅਰਜ਼, ਪ੍ਰੋਵਿੰਸ਼ੀਅਲ ਪ੍ਰੀਮੀਅਰਜ਼, ਬਿਜ਼ਨਸ ਕਮਿਊਨਿਟੀ, ਯੂਨੀਅਨਜ਼ ਤੇ ਦੇਸ਼ ਵਿੱਚ ਸਾਰਿਆਂ ਨਾਲ ਰਲ ਕੇ ਕੰਮ ਕਰੇਗੀ ਤਾਂ ਕਿ ਅਸੀਂ ਤਿਆਰ ਰਹਿ ਸਕੀਏ। ਪਿਛਲੀ ਵਾਰੀ ਟਰੰਪ ਪ੍ਰਸ਼ਾਸਨ ਨਾਲ ਕੰਮ ਕਰਨ ਦੇ ਤਜਰਬੇ ਨੂੰ ਚੇਤੇ ਕਰਦਿਆਂ ਜੋਲੀ ਨੇ ਆਖਿਆ ਕਿ ਉਸ ਸਮੇਂ ਉਨ੍ਹਾਂ ਵੱਲੋਂ ਲੰਮੇਂ ਸਮੇਂ ਤੋਂ ਕਈ ਸੈਕਟਰਜ਼ ਵਿੱਚ ਚੱਲੇ ਆ ਰਹੇ ਟਰੇਡ ਸਬੰਧਾਂ ਨੂੰ ਵੀ ਖ਼ਤਮ ਕਰ ਦਿੱਤਾ ਸੀ। ਇੱਥੇ ਦੱਸਣਾ ਬਣਦਾ ਹੈ ਕਿ ਟਰੰਪ ਇੱਕ ਵਾਰੀ ਫਿਰ ਅਗਲੇ ਸਾਲ ਹੋਣ ਜਾ ਰਹੀਆਂ ਚੋਣਾਂ ਲਈ ਰਿਪਬਲਿਕਨ ਪਾਰਟੀ ਦੇ ਉਮੀਦਵਾਰ ਹਨ।

ਓਟਵਾ ਵਿੱਚ ਸਥਿਤ ਅਮਰੀਕੀ ਅੰਬੈਸੀ ਨੇ ਜੋਲੀ ਦੇ ਬਿਆਨ ਉੱਤੇ ਟਿੱਪਣੀ ਕਰਨ ਤੋਂ ਇਨਕਾਰ ਕਰ ਦਿੱਤਾ।

NOW HIRING !!!
ALLKIND INSURANCE
•Life Insurance •Super Visa Insurance
•Critical illness Ins •Mortgage Insurance
•Travel & Visitor Ins •Disability Insurance
•RESP & TFSA & RRSP •Funeral Insurance
SIMRAN SAINI
416.994.7272
www.allkindinsurance.com

INSURANCE
Home, Auto, Business, Trucking, Life Insurance, Commercial
647-206-2452
Sukhwinder K Singh
CONNEX
7050A Bramalea Rd, Unit # 13, Mississauga, ON L5S 1T1

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill
Certified & Licenced Exterminator

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
Aman Sharma
25 Cherrycrest Drive, Unit # 6
Brampton, ON, L6P 3W4
Open Saturday
Providing excellent quality legal services to our clients

Royal Pest Control
Residential Commercial Industrial
Specialist in Bedbugs Service
All Pest Control :
•Mouse & Rats •Spiders & Fleas •Bedbugs •Wasps
•Cockroaches •Carpenter Ants •Silver Fish •Racoons
Call : PARESH PATEL
(Government Approved Licensed Technician)
416 938 4598

KELLEY LAW OFFICE
Immigration, Real Estate, Family Law, Business Closing, Corporate, Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

OURR HOME & APPLIANCES
UNBEATABLE DEALS FOR THE WEEK
AT OURR HOME APPLIANCES!
REGULAR PACKAGE $3599
SWITCH TO ELECTRIC STOVE IN $0
JENNAIR CAFÉ KitchenAid Electrolux LG FRIGIDAIRE elica BOSCH Whirlpool GE MAYTAG AMANA SAMSUNG VentAHood Hisense Danby
Unit #1, 241 Clarence Street, Brampton, ON, L6W 3E7, (416) 551-3343 | 44 Fasken Dr, Unit#2-9, Etobicoke, ON, M9W 5M8, (416) 792-0877 | 5781 Highway 7 Unit 10, Vaughan, ON, L4L 1T8, (416) 477-5556 | 1050 Speers Road, Oakville, ON, L6L 2X4, (416) 613-0555 | Unit #6 - 410 Lewis Road, Stoney Creek, ON, L8E 5Y7, (905) 643-0818 | Unit #4 -1540 Fanshawe Park Road West, London, ON, N6H 5L8, (519) 641-1010
416-551-5553 | www.ourrhomeappliances.com

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available 1888 864 3131
Jasbir Singh Hundal
Qualified Credit Counsellor
www.MakeMeDebtFree.ca 416-502-3100
Unit #20 - 7015 Tranmere Drive Mississauga, ON L5S 1T7

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Avon Financial Inc. Advice you can bank on.
Brokerage Lic. 12538
Cell: 416-841-4218 Tel: 905-216-5563
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

ਨਵਾਂ ਘਾਹ ਲਵਾਉ | 647-784-1213
www.aaalandscaping.ca
1. ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2. ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3. ਨਵਾਂ ਘਾਹ ਲਵਾਉ
4. ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

Allstate. You're in good hands.
Insurance
Shawn Budwal
Allstate Sales Agent
Waterdown Agency
94 Dundas Street East, Unit 3
289-678-4024
sbudwal@allstate.ca
Trademark used under licence by Allstate Insurance Company. 232374 | 6-23

SUPER VISA INSURANCE EXPERTS
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL
Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Axel InsuranceBrokers Ltd. | 1332 Khalsa Dr, Unit # 11, Mississauga, ON L5S 0A2

HELPING YOU PLAN TODAY...FOR TOMORROW
• Supervisa / Visitor Insurance
• Life /Mortgage/Funeral Insurance
• Disability Insurance
• Critical Illness Insurance
• RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

CN Forklift Training Center
Counterbalance All Types | Walkie pallet Low Lift | Electric Motor Narrow Aisle Reach | Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor


MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਨੌਰਥਵੈਸਟ ਟੈਰੇਟਰੀਜ਼ ਵਿੱਚ ਲੱਗੀ ਅੱਗ ਦਾ ਧੂੰਆਂ ਵੀਕੈਂਡ ਤੱਕ ਪੂਰਬੀ ਕੈਨੇਡਾ ਪਹੁੰਚਣ ਦਾ ਖਦਸ਼ਾ

ਓਟਵਾ, 17 ਅਗਸਤ (ਪੋਸਟ ਬਿਊਰੋ) : ਨੌਰਥਵੈਸਟ ਟੈਰੇਟਰੀਜ਼ ਵਿੱਚ ਕਈ ਥਾਂਵਾਂ ਉੱਤੇ ਲੱਗੀ ਹੋਈ ਜੰਗਲ ਦੀ ਅੱਗ ਕਾਰਨ ਕੈਨੇਡਾ ਭਰ ਦੀਆਂ ਕਮਿਊਨਿਟੀਜ਼ ਲਈ ਹਵਾ ਦਾ ਮਿਆਰ ਗੰਧਲਾ ਚੁੱਕਿਆ ਹੈ।

ਟੈਰੇਟਰੀ ਵਿੱਚ ਇਸ ਸਮੇਂ 200 ਥਾਂਵਾਂ ਉੱਤੇ ਅੱਗ ਲੱਗੀ ਹੋਈ ਹੈ ਜਿਸ ਕਾਰਨ ਯੈਲੋਨਾਈਫ, ਜਿੱਥੇ 20,000 ਦੇ ਨੇੜੇ ਤੇੜੇ ਲੋਕ ਰਹਿੰਦੇ ਹਨ, ਸਮੇਤ ਕਈ ਹੋਰ ਕਮਿਊਨਿਟੀਜ਼ ਨੂੰ ਇਲਾਕਾ ਖਾਲੀ ਕਰਕੇ ਜਾਣਾ ਪੈ ਰਿਹਾ ਹੈ। ਹੁਣ ਤੱਕ ਨੌਰਥਵੈਸਟ ਟੈਰੇਟਰੀਜ਼ ਵਿੱਚ ਪ੍ਰਿੰਸ ਐਡਵਰਡ ਆਈਲੈਂਡ ਦੇ ਆਕਾਰ ਤੋਂ ਚਾਰ ਗੁਣਾਂ ਇਲਾਕਾ ਸੜ ਕੇ ਸੁਆਹ ਹੋ ਚੁੱਕਿਆ ਹੈ। ਕਈ ਕਮਿਊਨਿਟੀਜ਼ ਵਿੱਚ ਚਾਰੇ ਪਾਸੇ ਧੂੰਆਂ ਹੀ ਧੂੰਆਂ ਤੇ ਗਹਿਰ ਨਜ਼ਰ ਆਉਂਦੀ ਹੈ।

ਐਨਵਾਇਰਮੈਂਟ ਕੈਨੇਡਾ ਵੱਲੋਂ ਹਵਾ ਦੇ ਮਿਆਰ ਸਬੰਧੀ ਜਾਰੀ ਕੀਤੇ ਗਏ ਤਾਜ਼ਾ ਬਿਆਨ ਅਨੁਸਾਰ ਇਹ ਧੂੰਏ ਨਾਲ ਭਰੀ ਹਵਾ ਹੁਣ ਪੂਰਬ ਦਾ ਰੁਖ ਕਰ ਰਹੀ ਹੈ। ਜਿਸ ਨਾਲ ਕੈਨੇਡੀਅਨਜ਼ ਲਈ ਸਿਹਤ ਸਬੰਧੀ ਨਵਾਂ ਖਤਰਾ ਖੜ੍ਹਾ ਹੋਣ ਦਾ ਖਦਸ਼ਾ ਹੈ। firesmoke.ca ਵੈੱਬਸਾਈਟ



ਆਪਰੇਟ ਕਰਨ ਵਾਲੇ ਬਲੂ ਸਕਾਇ ਕੈਨੇਡਾ ਦੇ ਨਕਸ਼ੇ ਮੁਤਾਬਕ ਵੀਰਵਾਰ ਨੂੰ ਸਸਕੈਚਵਨ ਤੇ ਮੈਨੀਟੋਬਾ ਦੇ ਉੱਪਰ ਪ੍ਰਦੂਸ਼ਣ ਨਜ਼ਰ ਆ ਰਿਹਾ ਸੀ। ਐਨਵਾਇਰਮੈਂਟ ਕੈਨੇਡਾ ਵੱਲੋਂ ਉਨ੍ਹਾਂ ਪ੍ਰੋਵਿੰਸਾਂ ਤੇ ਉੱਤਰਪੱਛਮੀ ਓਨਟਾਰੀਓ ਲਈ ਹਵਾ ਦੇ ਮਿਆਰ ਸਬੰਧੀ ਬਿਆਨ ਜਾਰੀ ਕੀਤੇ।

ਵੀਰਵਾਰ ਦੁਪਹਿਰ ਨੂੰ ਧੂੰਆਂ ਸਸਕੈਚਵਨ ਵਿੱਚ ਘਟਣ ਤੇ ਮੈਨੀਟੋਬਾ ਵੱਲ ਵਧਣ ਦੇ ਸੰਕੇਤ ਦਿੱਤੇ ਗਏ। ਲੇਕ ਵਿਨੀਪੈਗ ਦੇ ਦੱਖਣੀ ਹਿੱਸੇ ਵਿੱਚ ਰਹਿਣ ਵਾਲੀਆਂ ਕਮਿਊਨਿਟੀਜ਼ ਨੂੰ ਦੁਪਹਿਰ ਸਮੇਂ ਸੱਭ ਤੋਂ ਮਾੜੀ ਹਵਾ ਦੇ ਮਿਆਰ ਨਾਲ ਜੂਝਣਾ ਪਿਆ। ਵੀਰਵਾਰ ਸ਼ਾਮ ਤੱਕ ਇਸ ਗੰਧਲੀ ਹਵਾ ਨੇ ਉੱਤਰੀ ਓਨਟਾਰੀਓ ਨੂੰ ਆਪਣੇ ਗਲਬੇ ਵਿੱਚ ਲੈ ਲਿਆ ਤੇ ਇਹ ਪੂਰਬ ਵੱਲ ਵੱਧ ਰਹੀ ਹੈ। ਰਾਤ ਸਮੇਂ ਧੂੰਏ ਦਾ ਇਹ ਗੁਬਾਰ ਗ੍ਰੇਟਰ ਟੋਰਾਂਟੋ ਏਰੀਆ ਉੱਤੇ ਟਿਕ ਸਕਦਾ ਹੈ। ਐਨਵਾਇਰਮੈਂਟ ਕੈਨੇਡਾ ਦੀ ਪੇਸ਼ੀਨਿਗੋਈ ਅਨੁਸਾਰ ਸ਼ੁੱਕਰਵਾਰ ਨੂੰ ਟੋਰਾਂਟੋ ਵਿੱਚ ਲੋਕਾਂ ਦੀ ਸਿਹਤ ਨੂੰ ਘੱਟ ਖਤਰਾ ਹੋਵੇਗਾ ਪਰ ਇਹ ਬਦਲ ਵੀ ਸਕਦਾ ਹੈ।

ਇਹ ਧੂੰਆਂ ਨਿਊ ਯੌਰਕ ਸਿਟੀ ਵੱਲ ਵੱਧ ਰਿਹਾ ਹੈ ਤੇ ਸ਼ੁੱਕਰਵਾਰ ਦੁਪਹਿਰ ਤੱਕ ਓਟਵਾ ਪਹੁੰਚ ਜਾਵੇਗਾ। ਯੈਲੋਨਾਈਫ ਵਾਲੀ ਅੱਗ ਦੇ ਧੂੰਏ ਨਾਲ ਸ਼ੁੱਕਰਵਾਰ ਸ਼ਾਮ ਤੱਕ ਓਨਟਾਰੀਓ ਵਿੱਚ ਗਹਿਰ ਛਾ ਜਾਵੇਗੀ। ਕਿਊਬਿਕ, ਮਾਂਟਰੀਅਲ ਨੂੰ ਛੱਡ ਕੇ, ਵਿੱਚ ਪ੍ਰਦੂਸ਼ਣ ਨਾ ਹੋਣ ਦੀ ਸੰਭਾਵਨਾ ਹੈ। ਸ਼ਨਿੱਚਰਵਾਰ ਸਵੇਰ ਤੱਕ ਇਹ ਧੂੰਆਂ ਨਿਊ ਬਰੰਜ਼ਵਿੱਕ ਤੱਕ ਪਹੁੰਚ ਸਕਦਾ ਹੈ।

## ਅੱਜ ਨਾਮਾ >>

ਗੜਬੜ ਜਿਹੜੇ ਪੰਜਾਬ ਦੀ ਨਿੱਤ ਦੱਸਣ,
ਹਰਿਆਣੇ ਵੱਲ ਨੂੰ ਰਹੇ ਨਾ ਝਾਕ ਮੀਆਂ।
ਜਿਹੜੇ ਸਭ ਹਰਿਆਣੇ ਦਾ ਬੁਰਾ ਆਖਣ,
ਫੋਲਦੇ ਨਹੀਂ ਹਿਮਾਚਲ ਦੀ ਡਾਕ ਮੀਆਂ।
ਰਾਜਸਥਾਨ ਜਾਂ ਵੇਖੋ ਕੋਈ ਰਾਜ ਅਗਲਾ,
ਹਰ ਥਾਂ ਲੁਟੇਰਿਆਂ ਦੇਬੈਠੇਸਾਕ ਮੀਆਂ।
ਕਰੀਏ ਚਰਚਾ ਤਾਂ ਸੁਣਦੀਆਂ ਹਨ ਕੰਧਾਂ,
ਮੂੰਹੋਂ ਕੁਝ ਔਖੜਾ ਬੋਲਣਾ ਵਾਕ ਮੀਆਂ।
ਹਰ ਥਾਂ ਚੋਰਾਂ ਦੀ ਆਪੋ ਵਿੱਚ ਸਾਂਝ ਪੱਕੀ,
ਮਿਲ ਕੇ ਬਚਣ ਦੇ ਲੱਭਣਗੇਰਾਹ ਮੀਆਂ।
ਨੁੱਕਰੇ ਲਾਇਆ ਈ ਦੀਨ ਈਮਾਨ ਇਨ੍ਹਾਂ,
ਨਹੀਂ ਕੁਸਕਣ ਦੀ ਓਸ ਦੀ ਵਾਹ ਮੀਆਂ।

**ਤੀਸ ਮਾਰ ਖਾਂ**

# ਕੈਨੇਡਾ, ਚੀਨ ਤੇ ਜਰਮਨੀ ਤੋਂ ਇੰਪੋਰਟ ਕੀਤੀ ਜਾਣ ਵਾਲੀ ਸਟੀਲ ਉੱਤੇ ਟੈਕਸ ਲਾਵੇਗਾ ਅਮਰੀਕਾ

ਵਾਸ਼ਿੰਗਟਨ, 17 ਅਗਸਤ (ਪੋਸਟ ਬਿਊਰੋ) : ਅਮਰੀਕਾ ਦੇ ਕਾਮਰਸ ਵਿਭਾਗ ਵੱਲੋਂ ਵੀਰਵਾਰ ਨੂੰ ਆਖਿਆ ਗਿਆ ਕਿ ਕੈਨੇਡਾ, ਜਰਮਨੀ ਤੇ ਚੀਨ ਤੋਂ ਇੰਪੋਰਟ ਕੀਤੀ ਜਾਣ ਵਾਲੀ ਟਿੰਨ-ਪਲੇਟਿਡ ਸਟੀਲ ਉੱਤੇ ਉਸ ਵੱਲੋਂ ਟੈਕਸ ਵਸੂਲਿਆ ਜਾਵੇਗਾ। ਇਸ ਟੈਕਸ ਤੋਂ ਪੰਜ ਹੋਰਨਾਂ ਦੇਸ਼ਾਂ ਨੂੰ ਰਿਆਇਤ ਦਿੱਤੀ ਗਈ ਹੈ।



ਕਾਮਰਸ ਵਿਭਾਗ ਦਾ ਕਹਿਣਾ ਹੈ ਕਿ ਚੀਨ ਤੋਂ ਇੰਪੋਰਟ ਕੀਤੀ ਜਾਣ ਵਾਲੀ ਟਿੰਨ ਮਿੱਲ ਸਟੀਲ ਉੱਤੇ 122.5 ਫੀ ਸਦੀ ਐਂਟੀ ਡੰਪਿੰਗ ਟੈਕਸ ਵਸੂਲਿਆ ਜਾਵੇਗਾ। ਇਸ ਟੈਕਸ ਤੋਂ ਚੀਨ ਦੀ ਬਾਓਸਾਨ ਆਇਰਨ ਐਂਡ ਸਟੀਲ ਕੰਪਨੀ ਨੂੰ ਵੀ ਬਖਸ਼ਿਆ ਨਹੀਂ ਜਾਵੇਗਾ। ਇਸ ਦੇ ਨਾਲ ਹੀ ਜਰਮਨ ਪ੍ਰੋਡਿਊਸਰਜ਼ ਤੋਂ ਹਾਸਲ ਹੋਣ ਵਾਲੀ ਟਿੰਨ ਮਿੱਲ ਸਟੀਲ ਉੱਤੇ 7.02 ਫੀ ਸਦੀ ਟੈਕਸ ਲਾਇਆ ਜਾਵੇਗਾ। ਇਹ ਟੈਕਸ ਥਾਇਸਕਰੱਪ ਕੰਪਨੀ ਉੱਤੇ ਵੀ ਇਸੇ ਤਰ੍ਹਾਂ ਲਾਇਆ ਜਾਵੇਗਾ। ਆਰਸਲ ਔਰ ਮਿੱਤਲ ਸਮੇਤ ਕੈਨੇਡੀਅਨ ਉਤਪਾਦਕਾਂ ਤੋਂ 5.29 ਫੀ ਸਦੀ ਟੈਕਸ ਵਸੂਲਿਆ ਜਾਵੇਗਾ।

ਬ੍ਰਿਟੇਨ, ਨੀਦਰਲੈਂਡਜ਼, ਸਾਊਥ ਕੋਰੀਆ, ਤਾਇਵਾਨ ਤੇ ਤੁਰਕੀ ਤੋਂ ਇੰਪੋਰਟ ਕੀਤੇ ਜਾਣ ਵਾਲੇ ਖਾਣੇ, ਪੇਂਟ, ਐਰੋਸੋਲ ਉਤਪਾਦਾਂ ਲਈ ਵਰਤੋਂ ਵਿੱਚ ਆਉਣ ਵਾਲੇ ਕੈਨਜ਼ ਤੇ ਹੋਰਨਾਂ ਕੰਟੇਨਰਜ਼ ਲਈ ਵਰਤੇ ਜਾਣ ਵਾਲੇ ਇਸ ਚਮਕਦਾਰ ਸਿਲਵਰ ਮੈਟਲ ਉੱਤੇ ਕੋਈ ਟੈਕਸ ਨਹੀਂ ਲਾਇਆ ਜਾਵੇਗਾ। ਇਸ ਨਾਲ ਫੂਡ ਕੈਨ ਉਤਪਾਦਕਾਂ ਨੂੰ ਕੁੱਝ ਰਾਹਤ ਮਿਲੀ ਹੈ।

# ਇਸ ਸਾਲ ਦੇ ਅੰਤ ਤੱਕ ਯੂਨੀਵਰਸਲ ਫਾਰਮਾਕੇਅਰ ਪ੍ਰੋਗਰਾਮ ਸਬੰਧੀ ਬਿੱਲ ਪੇਸ਼ ਕਰ ਦੇਣਗੇ ਹਾਲੈਂਡ



ਓਟਵਾ, 17 ਅਗਸਤ (ਪੋਸਟ ਬਿਊਰੋ) : ਪ੍ਰਧਾਨ ਮੰਤਰੀ ਜਸਟਿਨ ਟਰੂਡੋ ਦੇ ਨਵੇਂ ਸਿਹਤ ਮੰਤਰੀ ਮਾਰਕ ਹਾਲੈਂਡ ਦਾ ਕਹਿਣਾ ਹੈ ਕਿ ਯੂਨੀਵਰਸਲ ਫਾਰਮਾਕੇਅਰ ਪ੍ਰੋਗਰਾਮ ਨੂੰ ਲਾਗੂ ਕਰਨ ਸਬੰਧੀ ਬਿੱਲ ਇਸ ਸਾਲ ਦੇ ਅੰਤ ਵਿੱਚ ਪੇਸ਼ ਕਰ ਦਿੱਤਾ ਜਾਵੇਗਾ।


ਨੈਸ਼ਨਲ ਯੂਨੀਵਰਸਲ ਫਾਰਮਾਕੇਅਰ ਪ੍ਰੋਗਰਾਮ ਕਾਇਮ ਕਰਨ ਲਈ ਇਸ ਸਾਲ ਦੇ ਅੰਤ ਤੱਕ ਬਿੱਲ ਪਾਸ ਕਰਨਾ ਲਿਬਰਲਾਂ ਤੇ ਐਨਡੀਪੀ ਦਰਮਿਆਨ ਹੋਏ ਹਾਊਸ ਆਫ ਕਾਮਨਜ਼ ਸਪਲਾਈ ਐਂਡ ਕਾਨਫੀਡੈਂਸ ਅਗਰੀਮੈਂਟ ਦੀ ਸ਼ਰਤ ਹੈ। ਇਸ ਡੈੱਡਲਾਈਨ ਨੂੰ ਪੂਰਾ ਕਰਨ ਲਈ ਸਰਕਾਰ ਵੱਲੋਂ ਇਸ ਬਿੱਲ ਨੂੰ ਦਸੰਬਰ ਤੋਂ ਪਹਿਲਾਂ ਹਾਊਸ ਆਫ ਕਾਮਨਜ਼ ਤੇ ਸੈਨੇਟ ਵਿੱਚ ਪਾਸ ਹੋਣਾ ਹੋਵੇਗਾ ਤੇ ਪਾਰਲੀਆਮੈਂਟ ਦੀਆਂ ਛੁੱਟੀਆਂ ਤੋਂ ਪਹਿਲਾਂ ਦੋ ਕਮੇਟੀ ਸਟੱਡੀਜ਼ ਵਿੱਚੋਂ ਵੀ ਲੰਘਣਾ ਹੋਵੇਗਾ।

ਸਿਹਤ ਮੰਤਰੀ ਮਾਰਕ ਹਾਲੈਂਡ ਵੱਲੋਂ ਪਿਛਲੇ ਮਹੀਨੇ ਕੈਬਨਿਟ ਵਿੱਚ ਹੋਈ ਫੇਰਬਦਲ ਦੌਰਾਨ ਸਿਹਤ ਮੰਤਰੀ ਦਾ ਅਹੁਦਾ ਸਾਂਭਿਆ ਗਿਆ। ਉਨ੍ਹਾਂ ਪੱਤਰਕਾਰਾਂ ਨੂੰ ਦੱਸਿਆ ਕਿ ਇਸ ਸਬੰਧੀ ਗੱਲਬਾਤ ਚੱਲ ਰਹੀ ਹੈ ਤੇ ਹਾਊਸ ਆਫ ਕਾਮਨਜ਼ ਜਦੋਂ ਪਰਤੇਗਾ ਤਾਂ ਉਹ ਇਸ ਬਿੱਲ ਨੂੰ ਪੇਸ਼ ਕਰਨ ਦੀ ਯੋਜਨਾ ਬਣਾ ਰਹੇ ਹਨ।





















# ਬਾਜਵਾ ਨੇ ਹੜ੍ਹਾਂ ਦੇ ਖ਼ਤਰੇ ਦੇ ਮੱਦੇਨਜ਼ਰ ਢਿੱਲ ਵਰਤਣ ਲਈ 'ਆਪ' ਦੀ ਕੀਤੀ ਆਲੋਚਨਾ

## ਭਗਵੰਤ ਮਾਨ ਨੇ ਟਵੀਟ ਕੀਤਾ ਕਿ ਹੜ੍ਹਾਂ ਦੀ ਸਥਿਤੀ ਕਾਬੂ ਹੇਠ ਹੈ ਜਦਕਿ ਜ਼ਮੀਨੀ ਪੱਧਰ 'ਤੇ ਸਥਿਤੀ ਵਿਗੜ ਰਹੀ ਹੈ : ਬਾਜਵਾ

ਚੰਡੀਗੜ੍ਹ, 17 ਅਗਸਤ (ਪੋਸਟ ਬਿਊਰੋ): ਪੰਜਾਬ ਦੇ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਨੇ ਵੀਰਵਾਰ ਨੂੰ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਸਰਕਾਰ ਦੀ ਹੜ੍ਹਾਂ ਨੂੰ ਲੈ ਕੇ ਢਿੱਲ ਵਰਤਣ ਲਈ ਆਲੋਚਨਾ ਕੀਤੀ, ਜਦੋਂ ਕਿ ਸੂਬੇ ਦੇ ਵੱਖ-ਵੱਖ ਹਿੱਸਿਆਂ ਵਿੱਚ ਹੜ੍ਹਾਂ ਦਾ ਖ਼ਤਰਾ ਅਜੇ ਵੀ ਮੰਡਰਾ ਰਿਹਾ ਹੈ।



ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਕਲ ਟਵੀਟ ਕੀਤਾ ਕਿ ਹੜ੍ਹਾਂ ਦੀ ਸਥਿਤੀ ਕਾਬੂ ਹੇਠ ਹੈ ਅਤੇ ਉਹ ਹਿਮਾਚਲ ਪ੍ਰਦੇਸ਼ ਸਰਕਾਰ ਅਤੇ ਬੀਬੀਐਮਬੀ ਦੇ ਅਧਿਕਾਰੀਆਂ ਦੇ ਸੰਪਰਕ ਵਿੱਚ ਹਨ। ਹਾਲਾਂਕਿ, ਜ਼ਮੀਨੀ ਪੱਧਰ 'ਤੇ ਸਥਿਤੀ ਕਾਫ਼ੀ ਗੰਭੀਰ ਹੈ।

ਸੀਨੀਅਰ ਕਾਂਗਰਸੀ ਆਗੂ ਬਾਜਵਾ ਨੇ ਕਿਹਾ ਕਿ ਪੌਂਗ ਡੈਮ ਤੋਂ ਵਾਧੂ ਪਾਣੀ ਛੱਡੇ ਜਾਣ ਕਾਰਨ ਹੁਸ਼ਿਆਰਪੁਰ ਜ਼ਲ੍ਹਿੇ ਦੇ ਮੁਕੇਰੀਆਂ ਅਤੇ ਦਸੂਹਾ ਸਬ-ਡਵੀਜ਼ਨ ਅਤੇ ਗੁਰਦਾਸਪੁਰ ਜ਼ਲ੍ਹਿੇ ਦੇ ਸੈਂਕੜੇ ਪਿੰਡ ਪਾਣੀ ਵਿੱਚ ਡੁੱਬ ਗਏ ਹਨ। ਹੜ੍ਹ ਪ੍ਰਭਾਵਿਤ ਇਲਾਕਿਆਂ ਦੇ ਵਸਨੀਕਾਂ ਅਨੁਸਾਰ ਹੜ੍ਹਾਂ ਨਾਲ ਹੋਇਆ ਨੁਕਸਾਨ 1988 ਦੇ ਮੁਕਾਬਲੇ ਕਿਤੇ ਜ਼ਿਆਦਾ ਹੈ। ਅਧਿਕਾਰੀਆਂ ਨੂੰ ਡਰ ਹੈ ਕਿ ਇੱਕ ਦਿਨ ਵਿੱਚ ਸਭ ਤੋਂ ਬੁਰਾ ਹੋ ਸਕਦਾ ਹੈ ਕਿਉਂਕਿ ਹਿਮਾਚਲ ਪ੍ਰਦੇਸ਼ ਵਿੱਚ ਭਾਰੀ ਬਾਰਸ਼ ਹੋਣ ਦੀ ਉਮੀਦ ਹੈ।

ਹਜ਼ਾਰਾਂ ਏਕੜ ਫ਼ਸਲਾਂ ਨੂੰ ਨੁਕਸਾਨ ਪਹੁੰਚਿਆ ਹੈ, ਸੈਂਕੜੇ ਦੁਧਾਰੂ ਪਸ਼ੂ ਹੜ੍ਹ ਵਿੱਚ ਡੁੱਬ ਗਏ ਹਨ ਅਤੇ ਲੋਕ ਆਪਣੇ ਘਰ ਛੱਡਣ ਲਈ ਮਜ਼ਬੂਰ ਹੋ ਗਏ ਹਨ। ਹੁਣ ਜ਼ੰਿਮੇਵਾਰੀ ਪੰਜਾਬ ਦੇ ਮੁੱਖ ਮੰਤਰੀ ਦੀ ਹੈ। ਉਨ੍ਹਾਂ (ਮੁੱਖ ਮੰਤਰੀ) ਨੂੰ ਦੱਸਣਾ ਚਾਹੀਦਾ ਹੈ ਕਿ ਕੀ ਪਹਿਲਾਂ ਹੀ ਹੜ੍ਹ ਦੀ ਚਿਤਾਵਨੀ ਜਾਰੀ ਕੀਤੀ ਗਈ ਸੀ। ਜੇ ਚੇਤਾਵਨੀ ਜਾਰੀ ਕੀਤੀ ਗਈ ਸੀ ਤਾਂ 'ਆਪ' ਸਰਕਾਰ ਪ੍ਰਬੰਧ ਕਰਨ ਵਿੱਚ ਅਸਫਲ ਕਿਉਂ ਰਹੀ? ਬਾਜਵਾ ਨੇ ਕਿਹਾ ਕਿ ਸਾਵਧਾਨੀ ਵਰਤਦੇ ਹੋਏ ਸੂਬਾ ਸਰਕਾਰ ਨੂੰ ਢੁਕਵੇਂ ਪ੍ਰਬੰਧ ਕਰਨੇ ਚਾਹੀਦੇ ਸਨ।

ਕਾਦੀਆਂ ਦੇ ਵਿਧਾਇਕ ਬਾਜਵਾ ਨੇ ਅੱਜ ਕਾਹਨੂੰਵਾਨ ਦੇ ਨੇੜੇ ਬੇਟ ਇਲਾਕੇ ਦੇ ਹੜ੍ਹ ਪ੍ਰਭਾਵਿਤ ਖੇਤਰ ਦਾ ਦੌਰਾ ਕੀਤਾ ਅਤੇ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ।

ਬਾਜਵਾ ਨੇ ਕਿਹਾ ਕਿ ਹੁਣ ਸਮਾਂ ਆ ਗਿਆ ਹੈ ਕਿ ਪੰਜਾਬ ਦੇ ਮੁੱਖ ਮੰਤਰੀ ਜੋ ਪ੍ਰਚਾਰ ਕਰ ਰਹੇ ਹਨ, ਉਸ 'ਤੇ ਅਮਲ ਕਰਨ। ਉਨ੍ਹਾਂ ਨੂੰ ਗਿਰਦਾਵਰੀ ਰਿਪੋਰਟ ਦੀ ਉਡੀਕ ਕੀਤੇ ਬਿਨਾਂ ਤੁਰੰਤ ਰਾਹਤ ਪੈਕੇਜ ਦਾ ਐਲਾਨ ਕਰਨਾ ਚਾਹੀਦਾ ਹੈ ਜਿਵੇਂ ਕਿ ਉਨ੍ਹਾਂ ਨੇ ਪਹਿਲਾਂ ਕੀਤਾ ਸੀ। ਉਸ ਨੂੰ ਸੋਸ਼ਲ ਮੀਡੀਆ 'ਤੇ ਵੱਡੇ-ਵੱਡੇ ਦਾਅਵੇ ਕਰਨ ਤੋਂ ਗੁਰੇਜ਼ ਕਰਨਾ ਚਾਹੀਦਾ ਹੈ ਅਤੇ ਤੁਰੰਤ ਮੁਆਵਜ਼ਾ ਦੇਣਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ 'ਆਪ' ਸਰਕਾਰ ਨੂੰ ਉਨ੍ਹਾਂ ਕਿਸਾਨਾਂ ਨੂੰ 50,000 ਰੁਪਏ ਪ੍ਰਤੀ ਏਕੜ ਰਾਹਤ ਦੇਣ ਦਾ ਐਲਾਨ ਕਰਨਾ ਚਾਹੀਦਾ ਹੈ, ਜਿਨ੍ਹਾਂ ਦੀ ਫ਼ਸਲ ਖ਼ਰਾਬ ਹੋ ਗਈ ਹੈ। ਮਜ਼ਦੂਰ ਵਰਗ ਅਤੇ ਹੋਰ ਪਰਿਵਾਰ, ਜਿਨ੍ਹਾਂ ਦੇ ਘਰ ਨੁਕਸਾਨੇ ਗਏ ਹਨ, ਨੂੰ ਘੱਟੋ ਘੱਟ 5 ਲੱਖ ਰੁਪਏ ਮੁਆਵਜ਼ਾ ਦਿੱਤਾ ਜਾਣਾ ਚਾਹੀਦਾ ਹੈ। 50,000 ਰੁਪਏ ਉਸ ਮਾਲਕ ਨੂੰ ਵੀ ਦਿੱਤੇ ਜਾਣੇ ਚਾਹੀਦੇ ਹਨ, ਜਿਸ ਦੇ ਪਸ਼ੂਆਂ ਦੀ ਇਸ ਕੁਦਰਤੀ ਆਫ਼ਤ ਵਿੱਚ ਮੌਤ ਹੋ ਗਈ ਹੈ। ਬਾਜਵਾ ਨੇ ਕਿਹਾ ਕਿ ਮ੍ਰਿਤਕਾਂ ਨੂੰ 10-10 ਲੱਖ ਰੁਪਏ ਅਤੇ ਜ਼ਖਮੀਆਂ ਨੂੰ 5-5 ਲੱਖ ਰੁਪਏ ਦੀ ਮੁਆਵਜ਼ਾ ਰਾਸ਼ੀ ਵੀ ਦਿੱਤੀ ਜਾਵੇ।

# ਪ੍ਰੋਪਲਸ਼ਨ ਮਾਡਿਊਲ ਤੋਂ ਵੱਖ ਹੋਇਆ ਵਿਕਰਮ ਲੈਂਡਰ, 23 ਅਗਸਤ ਨੂੰ ਚੰਦਰਮਾ 'ਤੇ ਉਤਰੇਗਾ

ਨਵੀਂ ਦਿੱਲੀ, 17 ਅਗਸਤ (ਪੋਸਟ ਬਿਊਰੋ): ਅੱਜ ਭਾਰਤ ਨੂੰ ਚੰਦਰਯਾਨ-3 ਮਿਸ਼ਨ ਵਿੱਚ ਇੱਕ ਅਹਿਮ ਸਫਲਤਾ ਮਿਲੀ ਹੈ। ਮਿਸ਼ਨ ਨੂੰ ਅੱਗੇ ਵਧਾਉਂਦੇ ਹੋਏ ਵਿਕਰਮ ਲੈਂਡਰ ਪ੍ਰੋਪਲਸ਼ਨ ਮਾਡਿਊਲ ਤੋਂ ਵੱਖ ਹੋ ਗਿਆ ਹੈ। ਇਸ ਤੋਂ ਬਾਅਦ, ਲੈਂਡਰ ਹੁਣ ਚੰਦਰਮਾ ਤੱਕ ਇਕੱਲਾ ਯਾਤਰਾ ਕਰੇਗਾ, ਜਿੱਥੇ ਇਹ 23 ਅਗਸਤ ਨੂੰ ਦੱਖਣੀ ਪਾਸੇ 'ਤੇ ਸਾਫਟ ਲੈਂਡਿੰਗ ਕਰੇਗਾ। ਜੇਕਰ ਇਹ ਲੈਂਡਿੰਗ ਸਫਲ ਹੋ ਜਾਂਦੀ ਹੈ ਤਾਂ ਭਾਰਤ ਚੰਦਰਮਾ ਦੇ ਦੱਖਣੀ ਪਾਸੇ 'ਤੇ ਉਤਰਨ ਵਾਲਾ ਪਹਿਲਾ ਦੇਸ਼ ਬਣ ਜਾਵੇਗਾ। ਇਹ ਚੰਦਰਮਾ 'ਤੇ ਸਾਫਟ ਲੈਂਡਿੰਗ ਹਾਸਲ ਕਰਨ ਵਾਲਾ ਅਮਰੀਕਾ, ਰੂਸ ਅਤੇ ਚੀਨ ਤੋਂ ਬਾਅਦ ਚੌਥਾ ਦੇਸ਼ ਹੋਵੇਗਾ।

ਪ੍ਰੋਪਲਸ਼ਨ ਮਾਡਿਊਲ ਤੋਂ ਵੱਖ ਹੋਣ ਤੋਂ ਬਾਅਦ, ਲੈਂਡਰ ਹੁਣ ਚੰਦਰਮਾ ਦੇ ਪੰਧ 'ਤੇ ਪਹੁੰਚ ਗਿਆ ਹੈ। ਇੱਥੇ ਇਹ 23 ਅਗਸਤ ਤੱਕ ਘੁੰਮੇਗਾ।

# ਮੁੱਖ ਮੰਤਰੀ ਨੇ ਕਿਸ਼ਤੀ 'ਤੇ ਸਵਾਰ ਹੋ ਕੇ ਹੁਸ਼ਿਆਰਪੁਰ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਕੀਤਾ ਦੌਰਾ

*** ਸੰਕਟ ਦੀ ਇਸ ਘੜੀ ਵਿਚ ਸਰਕਾਰ ਦੇ ਹੈਲੀਕਾਪਟਰ ਸਮੇਤ ਸਮੁੱਚੀ ਮਸ਼ੀਨਰੀ ਲੋਕਾਂ ਦੀ ਮਦਦ ਵਿੱਚ *ਸਥਿਤੀ ਉਤੇ ਨਿਰੰਤਰ ਨਜ਼ਰ ਰੱਖਣ ਲਈ ਹਿਮਾਚਲ ਪ੍ਰਦੇਸ਼ ਅਤੇ ਭਾਖੜਾ ਬਿਆਸ ਪ੍ਰਬੰਧਕੀ ਬੋਰਡ ਨਾਲ ਰਾਬਤਾ ਰੱਖਿਆ ਹੋਇਆ**






ਹੁਸ਼ਿਆਰਪੁਰ, 17 ਅਗਸਤ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਜ਼ਮੀਨੀ ਪੱਧਰ ਉਤੇ ਸਥਿਤੀ ਦਾ ਜਾਇਜ਼ਾ ਲੈਣ ਲਈ ਖੁਦ ਕਿਸ਼ਤੀ ਵਿੱਚ ਸਵਾਰ ਹੋ ਕੇ ਹੁਸ਼ਿਆਰਪੁਰ ਜ਼ਿਲ੍ਹੇ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕੀਤਾ।

ਐੱਨ.ਡੀ.ਆਰ.ਐੱਫ. ਦੇ ਜਵਾਨਾਂ ਨਾਲ ਕਿਸ਼ਤੀ ਵਿਚ ਸਵਾਰ ਹੋ ਕੇ ਮੁੱਖ ਮੰਤਰੀ ਪਿੰਡ ਰਾੜਾ ਅਤੇ ਫਤਿਹ ਕੁੱਲਾ ਗਏ ਅਤੇ ਉਸ ਤੋਂ ਬਾਅਦ ਪਿੰਡ ਹਲੇਰ ਦਾ ਦੌਰਾ ਕੀਤਾ। ਉਨ੍ਹਾਂ ਕਿਹਾ ਕਿ ਪ੍ਰਭਾਵਿਤ ਥਾਵਾਂ ਦੇ ਲੋਕਾਂ ਨੂੰ ਸੁਰੱਖਿਅਤ ਥਾਵਾਂ ਉਤੇ ਲਿਜਾਏ ਜਾਣ ਨੂੰ ਯਕੀਨੀ ਬਣਾਉਣ ਲਈ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਗਏ ਹਨ। ਭਗਵੰਤ ਮਾਨ ਨੇ ਸਪੱਸ਼ਟ ਸ਼ਬਦਾਂ ਵਿਚ ਕਿਹਾ ਕਿ ਸੂਬਾ ਸਰਕਾਰ ਲਈ ਹਰੇਕ ਨਾਗਰਿਕ ਦੀ ਜ਼ਿੰਦਗੀ ਬਹੁਤ ਅਨਮੋਲ ਹੈ ਅਤੇ ਲੋਕਾਂ ਨੂੰ ਇਸ ਔਖੀ ਘੜੀ ਵਿੱਚੋਂ ਕੱਢਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

ਇਸ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਦੇ ਹੈਲੀਕਾਪਟਰ ਸਮੇਤ ਸਮੁੱਚੀ ਮਸ਼ੀਨਰੀ ਲੋਕਾਂ ਦੀ ਮਦਦ ਵਿਚ ਹੈ। ਉਨ੍ਹਾਂ ਕਿਹਾ ਕਿ ਭਾਵੇਂ ਸੂਬੇ ਵਿਚ ਮੀਂਹ ਨਹੀਂ ਪਿਆ ਪਰ ਪਹਾੜੀ ਸੂਬਿਆਂ ਵਿਚ ਭਾਰੀ ਮੀਂਹ ਪੈਣ ਕਾਰਨ ਪੰਜਾਬ ਦੇ ਇਨ੍ਹਾਂ ਇਲਾਕਿਆਂ ਵਿਚ ਹੜ੍ਹ ਆਏ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਤਾਜ਼ਾ ਸਥਿਤੀ ਦਾ ਪਤਾ ਲਾਉਣ ਲਈ ਉਹ ਹਿਮਾਚਲ ਪ੍ਰਦੇਸ਼ ਸਰਕਾਰ ਅਤੇ ਭਾਖੜਾ ਬਿਆਸ ਪ੍ਰਬੰਧਕੀ ਬੋਰਡ ਨਾਲ ਲਗਾਤਾਰ ਰਾਬਤਾ ਰੱਖ ਰਹੇ ਹਨ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਪੌਂਗ ਡੈਮ ਤੋਂ ਵਾਧੂ ਪਾਣੀ ਛੱਡਣ ਕਾਰਨ ਇਹ ਜ਼ਲ੍ਹਿਾ ਬੁਰੀ ਤਰ੍ਹਾਂ ਪ੍ਰਭਾਵਿਤ ਹੋਇਆ ਹੈ। ਉਨ੍ਹਾਂ ਕਿਹਾ ਕਿ ਭਾਵੇਂ ਪੌਂਗ ਡੈਮ ਖ਼ਤਰੇ ਦੇ ਨਿਸ਼ਾਨ ਤੋਂ ਛੇ ਫੁੱਟ ਉੱਪਰ ਹੈ ਪਰ ਫਿਰ ਵੀ ਚਿੰਤਾ ਵਾਲੀ ਕੋਈ ਗੱਲ ਨਹੀਂ ਹੈ ਕਿਉਂਕਿ ਪਹਿਲਾਂ ਇਹ ਖ਼ਤਰੇ ਦੇ ਪੱਧਰ ਤੋਂ 10 ਫੁੱਟ ਤੋਂ ਉੱਪਰ ਸੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਲੋਕਾਂ ਦੀ ਸੁਰੱਖਿਆ ਲਈ ਡੈਮ ਤੋਂ ਕੰਟਰੋਲ ਢੰਗ ਨਾਲ ਪਾਣੀ ਛੱਡਿਆ ਜਾ ਰਿਹਾ ਹੈ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਭਾਖੜਾ ਡੈਮ ਵਿੱਚ ਪਾਣੀ ਖ਼ਤਰੇ ਦੇ ਨਿਸ਼ਾਨ ਤੋਂ ਹੇਠਾਂ ਹੈ। ਉਨ੍ਹਾਂ ਕਿਹਾ ਕਿ ਇਸ ਸੰਕਟ ਦੀ ਘੜੀ ਵਿੱਚ ਲੋਕਾਂ ਨੂੰ ਰਾਹਤ ਦੇਣ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ। ਭਗਵੰਤ ਸਿੰਘ ਮਾਨ ਨੇ ਇਹ ਵੀ ਕਿਹਾ ਕਿ ਸੂਬੇ ਦੇ ਲੋਕਾਂ ਵਿੱਚ ਸੰਕਟ ਸਮੇਂ ਦਾ ਟਾਕਰਾ ਕਰਨ ਦਾ ਅਦੁੱਤੀ ਜਜ਼ਬਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਦੇ ਲੋਕ ਇਸ ਮੁਸ਼ਕਲ ਘੜੀ ਵਿੱਚ ਇੱਕ ਦੂਜੇ ਨਾਲ ਪਿਆਰ ਅਤੇ ਮੇਲ-ਮਿਲਾਪ ਦੀ ਵਿਲੱਖਣ ਭਾਵਨਾ ਦਾ ਪ੍ਰਗਟਾਵਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਲੋਕ ਮਿਸ਼ਨਰੀ ਭਾਵਨਾ ਨਾਲ ਇਕ-ਦੂਜੇ ਦੀ ਮਦਦ ਕਰ ਰਹੇ ਹਨ ਜਿਸ ਨਾਲ ਭਾਈਚਾਰਕ ਸਾਂਝ ਦੀਆਂ ਤੰਦਾਂ ਹੋਰ ਮਜ਼ਬੂਤ ਹੋ ਰਹੀਆਂ ਹਨ। ਭਗਵੰਤ ਸਿੰਘ ਮਾਨ ਨੇ ਇਸ ਨੇਕ ਉਪਰਾਲੇ ਲਈ ਲੋਕਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਨੇ ਸਾਬਤ ਕਰ ਦਿੱਤਾ ਹੈ ਕਿ ਲੋਕ ਮਹਾਨ ਗੁਰੂਆਂ, ਸੰਤਾਂ-ਮਹਾਤਮਾ ਅਤੇ ਪੀਰ-ਪੈਗੰਬਰਾਂ ਵੱਲੋਂ ਦਿਖਾਏ ਮਾਰਗ ਚਲਦਿਆਂ ਦੁਖੀ ਲੋਕਾਂ ਦੀ ਸੇਵਾ ਕਰਦੇ ਹਨ।

ਮੁੱਖ ਮੰਤਰੀ ਨੇ ਉਨ੍ਹਾਂ ਪਰਉਪਕਾਰੀ ਲੋਕਾਂ ਦੀ ਵੀ ਸ਼ਲਾਘਾ ਕੀਤੀ ਜੋ 'ਮੁੱਖ ਮੰਤਰੀ ਰਾਹਤ ਫੰਡ' ਵਿੱਚ ਖੁੱਲ੍ਹੇ ਦਿਲ ਨਾਲ ਯੋਗਦਾਨ ਪਾ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰੀ ਪ੍ਰਸ਼ਾਸਨ ਦੇ ਨਾਲ-ਨਾਲ ਕਈ ਸਮਾਜਿਕ ਤੇ ਧਾਰਮਿਕ ਸੰਸਥਾਵਾਂ ਵੀ ਲੋਕਾਂ ਦੀ ਮਦਦ ਲਈ ਅੱਗੇ ਆ ਰਹੀਆਂ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਜਿੱਥੇ ਹਰ ਪਾਸਿਓਂ ਮਦਦ ਮਿਲ ਰਹੀ ਹੈ, ਉੱਥੇ ਹੀ ਸੂਬਾ ਸਰਕਾਰ ਲੋਕਾਂ ਦੀ ਭਲਾਈ ਲਈ ਇਨ੍ਹਾਂ ਫੰਡਾਂ ਦੀ ਸੁਚੱਜੀ ਵਰਤੋਂ ਕਰਨ ਲਈ ਵਚਨਬੱਧ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਸੂਬੇ ਵਿੱਚ ਹੜ੍ਹਾਂ ਕਾਰਨ ਲੋਕਾਂ ਦੇ ਹੋਏ ਨੁਕਸਾਨ ਦਾ ਪਤਾ ਲਾਉਣ ਲਈ ਪਹਿਲਾਂ ਹੀ ਵਿਸ਼ੇਸ਼ ਗਿਰਦਾਵਰੀ ਦੇ ਹੁਕਮ ਦਿੱਤੇ ਹਨ। ਉਨ੍ਹਾਂ ਕਿਹਾ ਕਿ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਹੈ ਕਿ ਵਿਸ਼ੇਸ਼ ਗਿਰਦਾਵਰੀ ਨਿਰਪੱਖ ਢੰਗ ਨਾਲ ਕੀਤੀ ਜਾਵੇ ਤਾਂ ਜੋ ਪੀੜਤ ਲੋਕਾਂ ਨੂੰ ਹੋਏ ਨੁਕਸਾਨ ਦੀ ਭਰਪਾਈ ਕੀਤੀ ਜਾ ਸਕੇ। ਭਗਵੰਤ ਮਾਨ ਨੇ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੀ ਸਰਕਾਰ ਲੋਕਾਂ ਨੂੰ ਮੁਆਵਜ਼ਾ ਜ਼ਰੂਰ ਦੇਵੇਗੀ ਭਾਵੇਂ ਉਨ੍ਹਾਂ ਦੀ ਮੁਰਗੀ ਜਾਂ ਬੱਕਰੀ ਦਾ ਨੁਕਸਾਨ ਹੋਇਆ ਹੋਵੇ।

ਮੁੱਖ ਮੰਤਰੀ ਨੇ ਕਿਹਾ ਕਿ ਫਸਲਾਂ, ਪਸ਼ੂਆਂ, ਮਕਾਨ ਜਾਂ ਕਿਸੇ ਵੀ ਚੀਜ਼ ਦੇ ਨੁਕਸਾਨ ਦੀ ਵਿਸ਼ੇਸ਼ ਗਿਰਦਾਵਰੀ ਕਰਵਾਈ ਜਾਵੇਗੀ ਤਾਂ ਜੋ ਇਸ ਨੁਕਸਾਨ ਦਾ ਲੋਕਾਂ ਨੂੰ ਮੁਆਵਜ਼ਾ ਦਿੱਤਾ ਜਾ ਸਕੇ। ਉਨ੍ਹਾਂ ਕਿਹਾ ਕਿ ਇਨ੍ਹਾਂ ਨੀਵੇਂ ਇਲਾਕਿਆਂ ਵਿੱਚ ਜਿੱਥੇ ਪਾਣੀ ਨੇ ਤਬਾਹੀ ਮਚਾਈ ਹੈ, ਉਸ ਦੇ ਨੁਕਸਾਨ ਦਾ ਵੀ ਪਤਾ ਲਾਇਆ ਜਾਵੇਗਾ ਅਤੇ ਲੋਕਾਂ ਨੂੰ ਬਣਦਾ ਮੁਆਵਜ਼ਾ ਦਿੱਤਾ ਜਾਵੇਗਾ। ਭਗਵੰਤ ਸਿੰਘ ਮਾਨ ਨੇ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੀ ਸਰਕਾਰ ਹੜ੍ਹਾਂ ਦੌਰਾਨ ਲੋਕਾਂ ਦੇ ਹੋਏ ਇੱਕ-ਇੱਕ ਪੈਸੇ ਦੇ ਨੁਕਸਾਨ ਦਾ ਮੁਆਵਜ਼ਾ ਦੇਵੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਲੋਕਾਂ ਨੂੰ ਘਬਰਾਉਣ ਦੀ ਕੋਈ ਲੋੜ ਨਹੀਂ ਹੈ ਕਿਉਂਕਿ ਸੂਬਾ ਸਰਕਾਰ ਲੋਕਾਂ ਨੂੰ ਰਾਹਤ ਦੇਣ ਲਈ ਜੰਗੀ ਪੱਧਰ ਉਤੇ ਕੰਮ ਕਰ ਰਹੀ ਹੈ। ਉਨ੍ਹਾਂ ਨੇ ਅਧਿਕਾਰੀਆਂ ਨੂੰ ਕਿਹਾ ਕਿ ਉਹ ਪਾਣੀ ਦੇ ਪੱਧਰ ਸਬੰਧੀ ਜਾਣਕਾਰੀ ਲੋਕਾਂ ਨਾਲ ਨਿਰੰਤਰ ਤੌਰ 'ਤੇ ਸਾਂਝੀ ਕਰਨ ਤਾਂ ਜੋ ਕਿਸੇ ਵੀ ਭੰਬਲਭੂਸੇ ਤੋਂ ਬਚਿਆ ਜਾ ਸਕੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਲੋਕਾਂ ਨੂੰ ਓਦੋਂ ਤੱਕ ਹੜ੍ਹਾਂ ਬਾਰੇ ਜਾਂ ਡੈਮਾਂ ਦੇ ਫਲੱਡ ਗੇਟ ਖੋਲ੍ਹਣ ਬਾਰੇ ਫੈਲਾਈਆਂ ਜਾਂਦੀਆਂ ਅਫਵਾਹਾਂ ਉਤੇ ਯਕੀਨ ਨਾ ਕਰਨ ਲਈ ਕਿਹਾ, ਜਦੋਂ ਤੱਕ ਅਧਿਕਾਰੀਆਂ ਵੱਲੋਂ ਇਸ ਦੀ ਪੁਸ਼ਟੀ ਨਹੀਂ ਕੀਤੀ ਜਾਂਦੀ। ਉਨ੍ਹਾਂ ਨੇ ਮੀਡੀਆ ਨੂੰ ਵੀ ਅਪੀਲ ਕੀਤੀ ਕਿ ਉਹ ਹੜ੍ਹਾਂ ਬਾਰੇ ਗਲਤ ਖ਼ਬਰਾਂ ਨੂੰ ਸਨਸਨੀਖੇਜ ਢੰਗ ਨਾਲ ਪੇਸ਼ ਨਾ ਕਰਨ ਅਤੇ ਇਸ ਔਖੇ ਸਮੇਂ ਵਿੱਚ ਸਕਾਰਾਤਮਕ ਭੂਮਿਕਾ ਨਿਭਾਉਣ।

ਇਸ ਮੌਕੇ ਮੁੱਖ ਮੰਤਰੀ ਦੇ ਨਾਲ ਕੈਬਨਿਟ ਮੰਤਰੀ ਬ੍ਰਮ ਸ਼ੰਕਰ ਜਿੰਪਾ, ਵਿਧਾਇਕ ਜਸਬੀਰ ਸਿੰਘ ਰਾਜਾ, ਕਰਮਬੀਰ ਸਿੰਘ ਘੁੰਮਣ ਅਤੇ ਡਾ. ਰਵਜੋਤ ਸਿੰਘ ਵੀ ਹਾਜ਼ਰ ਸਨ।


Office: 416-654-1010

Sutton

Sutton Group Security Real Estate Brokerage
2700 Dufferin St #47, Toronto ON M6B4J3



"For all your real estate needs"

Anabela Serra
Sales Representative
416-400-5825
anabelserra75@gmail.com






98 JOHN ST E
Bradford West Gwillimbury, Ontario L3Z1G4


A 5-Plex on a Premium lot of 54 x 148*. Lovely stucco & vinyl multiplex in the heart of Bradford. Annual Gross Income is Approx $60,000. Located on a quiet residential street that is close to schools, shopping, restaurants & entertainment. Easy access to the highway for commuters

97 JOHN ST E
Bradford West Gwillimbury, Ontario L3Z2B5





A charming, well-maintained detached house that's been converted into 4 units; One 2 bedroom unit and three 1 bedroom units. This property sits on a premium lot 50X148 with a large backyard and a large storage shed shared by tenants. Easily convert back to a single family home. All units are currently rented on a month-to-month tenancy.

103 JOHN ST W
Bradford West Gwillimbury, Ontario L3Z2A8




**3 UNITS** Lovely semi detached in the heart of Bradford. One 2 bedroom unit, One 1 bedroom unit and 1 bachelor. Annual Gross Income Is Approx $41,000(Gross). Lots Of Parking, Quiet Residential Street Close To Shopping, Restaurants, Schools And Entertainment. Huge Lot 36Ft X 167 Ft. All tenants on a month-to-month tenancy.

6273 YONGE ST
Innisfil, Ontario L0L1K0




Great opportunity to own a 4-plex with a monthly income of $4654.00. This property features 3 two bedroom units and one 1 bedroom unit. New septic system was installed in 2021. The tenants would like to stay if possible. Location is on the bus route and minutes to Barrie or Bradford. EXTRA: All existing appliances, all ELFs, Coin operated washer and dryer.

2217 VICTORIA ST
Innisfil, Ontario L9S1A8




Ideal building lot dream home steps to the beach. Or Perfect Starter Home Or Investment Property In Village Of Stroud. Home Is Located Minutes From The Go Bus Stop And A Short Walk From Stores And All Amenities. Features Include Gas Furnace 2014, Steel Roof 2014, Plumbing And Wiring 2014, Electrical Panel 2014. A Short Drive To Lake Simcoe.


# ਹਿਮਾਚਲ ਪ੍ਰਦੇਸ਼ ਮੁੱਖ ਮੰਤਰੀ ਸੁੱਖੂ ਨੇ ਸ਼ਿਮਲਾ ਵਿੱਚ ਤਬਾਹੀ ਲਈ ਬਿਹਾਰੀਆਂ ਨੂੰ ਜ਼ਿੰਮੇਵਾਰ ਠਹਿਰਾਇਆ, ਬਾਅਦ ਵਿੱਚ ਬਿਆਨ ਬਦਲਿਆ

ਸ਼ਿਮਲਾ, 17 ਅਗਸਤ (ਪੋਸਟ ਬਿਊਰੋ): ਹਿਮਾਚਲ ਪ੍ਰਦੇਸ਼ ਵਿੱਚ ਕੁਦਰਤੀ ਆਫ਼ਤ ਨੇ ਲੋਕਾਂ ਦਾ ਜਿਊਣਾ ਮੁਸ਼ਕਿਲ ਕਰ ਦਿੱਤਾ ਹੈ। ਰਾਜਧਾਨੀ ਸ਼ਿਮਲਾ ਸਮੇਤ ਕਈ ਹੋਰ ਜ਼ਿਲ੍ਹਿਆਂ ਵਿਚ ਭਾਰੀ ਮੀਂਹ ਅਤੇ ਜ਼ਮੀਨ ਖਿਸਕਣ ਦੀਆਂ ਘਟਨਾਵਾਂ ਵਾਪਰੀਆਂ ਹਨ। ਸੂਬੇ 'ਚ ਇਸ ਤਬਾਹੀ 'ਚ ਜਾਨ ਗੁਆਉਣ ਵਾਲਿਆਂ ਦੀ ਗਿਣਤੀ 71 ਤੱਕ ਪਹੁੰਚ ਗਈ ਹੈ। ਇਸ ਵੱਡੀ ਤਬਾਹੀ ਵਿਚਕਾਰ ਹਿਮਾਚਲ ਦੇ ਮੁੱਖ ਮੰਤਰੀ ਸੁਖਵਿੰਦਰ ਸਿੰਘ ਸੁੱਖੂ ਆਪਣੇ ਇੱਕ ਬਿਆਨ ਨੂੰ ਲੈ ਕੇ ਵਿਵਾਦਾਂ ਵਿੱਚ ਘਿਰ ਗਏ ਹਨ।



ਇੱਕ ਅੰਗਰੇਜ਼ੀ ਅਖ਼ਬਾਰ ਮੁਤਾਬਕ ਮੁੱਖ ਮੰਤਰੀ ਸੁੱਖੂ ਨੇ ਕਿਹਾ ਕਿ ਸ਼ਿਮਲਾ ਵਿੱਚ ਲੋਕ ਬਿਨਾਂ ਵਿਗਿਆਨਕ ਤਰੀਕੇ ਦੇ ਘਰ ਬਣਾ ਰਹੇ ਹਨ। ਇਨ੍ਹਾਂ ਵਿੱਚ ਡਰੇਨੇਜ ਸਿਸਟਮ ਦਾ ਬਹੁਤ ਬੁਰਾ ਹਾਲ ਹੈ। ਲੋਕ ਬਿਨ੍ਹਾਂ ਜਾਣੇ ਪਾਣੀ ਨੂੰ ਵਹਾ ਰਹੇ ਹਨ ਅਤੇ ਇਹ ਪਾਣੀ ਪਹਾੜਾਂ ਵਿੱਚ ਜਾ ਕੇ ਇਸ ਨੂੰ ਕਮਜ਼ੋਰ ਕਰ ਰਿਹਾ ਹੈ। ਸ਼ਿਮਲਾ 150 ਸਾਲ ਤੋਂ ਵੀ ਵੱਧ ਪੁਰਾਣਾ ਸ਼ਹਿਰ ਹੈ, ਜਿਸ ਵਿੱਚ ਚੰਗੀ ਨਿਕਾਸੀ ਵਿਵਸਥਾ ਸੀ। ਹੁਣ ਇੱਥੇ ਨਾਲੀਆਂ 'ਤੇ ਇਮਾਰਤਾਂ ਬਣ ਗਈਆਂ ਹਨ। ਸੁੱਖੂ ਨੇ ਕਿਹਾ ਕਿ ਅੱਜ ਕੱਲ੍ਹ ਜੋ ਮਕਾਨ ਢਹਿ-ਢੇਰੀ ਹੋ ਰਹੇ ਹਨ, ਉਹ ਸਟ੍ਰਕਚਰਲ ਇੰਜਨੀਅਰਿੰਗ ਦੇ ਮਾਪਦੰਡਾਂ ਨੂੰ ਪਾਸ ਨਹੀਂ ਕਰਦੇ ਹਨ। ਬਾਹਰੋਂ ਆਰਕੀਟੈਕਟ ਜਿਨ੍ਹਾਂ ਨੂੰ ਮੈਂ 'ਬਿਹਾਰੀ ਆਰਕੀਟੈਕਟ' ਕਹਿੰਦਾ ਹਾਂ, ਇੱਥੇ ਆ ਕੇ ਮੰਜਿਲ਼ ਉੱਤੇ ਮੰਜ਼ਿਲ ਬਣਾਉਂਦੇ ਹਨ। ਸਾਡੇ ਕੋਲ ਸਥਾਨਕ ਮਿਸਤਰੀ ਵੀ ਨਹੀਂ ਹਨ।

ਬਿਹਾਰੀਆਂ 'ਤੇ ਦਿੱਤੇ ਬਿਆਨ ਨੂੰ ਲੈ ਕੇ ਜਦੋਂ ਮੁੱਖ ਮੰਤਰੀ ਸੁੱਖੂ ਵਿਵਾਦਾਂ 'ਚ ਘਿਰ ਗਏ ਤਾਂ ਉਨ੍ਹਾਂ ਨੇ ਸਪੱਸ਼ਟੀਕਰਨ ਵੀ ਦਿੱਤਾ। ਉਨ੍ਹਾਂ ਕਿਹਾ ਕਿ ਮੈਂ ਅਜਿਹਾ ਕੁਝ ਨਹੀਂ ਕਿਹਾ। ਬਿਹਾਰ ਦੇ ਲੋਕ ਵੀ ਇੱਥੇ ਫਸੇ ਹੋਏ ਸਨ। ਮੈਂ ਉਨ੍ਹਾਂ ਨੂੰ ਹੈਲੀਕਾਪਟਰ ਰਾਹੀਂ ਬਾਹਰ ਕੱਢਿਆ। ਬਿਹਾਰ ਦੇ ਕਰੀਬ 200 ਲੋਕ ਅਜੇ ਵੀ ਇੱਥੇ ਫਸੇ ਹੋਏ ਹਨ। ਉਹ ਸਾਡੇ ਭਰਾਵਾਂ ਵਰਗੇ ਹਨ। ਇਹ ਸਾਡੀ ਢਾਂਚਾਗਤ ਇੰਜੀਨੀਅਰਿੰਗ ਦਾ ਨੁਕਸ ਹੈ, ਉਹ ਸਿਰਫ਼ ਮਜ਼ਦੂਰ ਹਨ।

# ਮੁੱਖ ਮੰਤਰੀ ਵੱਲੋਂ ਵਿਸ਼ੇਸ਼ ਉਲੰਪਿਕ ਵਰਲਡ ਸਮਰ ਖੇਡਾਂ-2023 ਦੇ ਅੱਠ ਤਮਗਾ ਜੇਤੂਆਂ ਤੇ ਮੁਕਾਬਲੇਬਾਜ਼ਾਂ ਦਾ ਸਨਮਾਨ

ਚੰਡੀਗੜ੍ਹ, 17 ਅਗਸਤ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬਰਲਿਨ ਵਿੱਚ ਵਿਸ਼ੇਸ਼ ਉਲੰਪਿਕ ਵਰਲਡ ਸਮਰ ਖੇਡਾਂ-2023 ਦੌਰਾਨ ਨਾਮਣਾ ਖੱਟਣ ਵਾਲੇ ਅੱਠ ਵਿਸ਼ੇਸ਼ ਖਿਡਾਰੀਆਂ ਤੇ ਉਨ੍ਹਾਂ ਦੇ ਕੋਚ ਦਾ ਅੱਜ ਸਨਮਾਨ ਕੀਤਾ।




ਮੁੱਖ ਮੰਤਰੀ ਨੇ ਵੱਖ-ਵੱਖ ਖੇਡ ਵਰਗਾਂ ਵਿੱਚ ਤਿੰਨ ਸੋਨ ਤਮਗੇ, ਇਕ ਚਾਂਦੀ ਅਤੇ ਚਾਰ ਕਾਂਸੀ ਦੇ ਤਮਗੇ ਜਿੱਤਣ ਵਾਲੇ ਇਨ੍ਹਾਂ ਖਿਡਾਰੀਆਂ ਨੂੰ ਮੁਬਾਰਕਬਾਦ ਦਿੱਤੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹਾਲ ਹੀ ਵਿੱਚ ਸਮਾਪਤ ਹੋਈਆਂ ਵਿਸ਼ੇਸ਼ ਉਲੰਪਿਕ ਵਰਲਡ ਸਮਰ ਖੇਡਾਂ-2023 ਵਿੱਚ ਭਾਰਤੀ ਦਲ ਦੇ ਵਧੀਆ ਪ੍ਰਦਰਸ਼ਨ ਵਿੱਚ ਇਨ੍ਹਾਂ ਖਿਡਾਰੀਆਂ ਨੇ ਅਹਿਮ ਭੂਮਿਕਾ ਅਦਾ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਆਪਣੇ ਇਨ੍ਹਾਂ ਖਿਡਾਰੀਆਂ ਉਤੇ ਮਾਣ ਹੈ, ਜਿਨ੍ਹਾਂ ਵਿਸ਼ੇਸ਼ ਉਲੰਪਿਕ ਖੇਡਾਂ ਵਿੱਚ ਮੁਲਕ ਦੀ ਝੋਲੀ ਇੰਨੇ ਤਮਗੇ ਪਾਏ।

ਮੁੱਖ ਮੰਤਰੀ ਨੇ ਕਿਹਾ ਕਿ ਇੱਥੇ ਖਾਸ ਤੌਰ ਉਤੇ ਜ਼ਿਕਰ ਕਰਨਾ ਬਣਦਾ ਹੈ ਕਿ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਨੇ ਇਨ੍ਹਾਂ ਖੇਡਾਂ ਵਿੱਚ ਭਾਗ ਲੈ ਕੇ ਆਪਣੀ ਸਖ਼ਤ ਮਿਹਨਤ ਤੇ ਸਮਰਪਣ ਨਾਲ ਸਫ਼ਲਤਾ ਦੇ ਝੰਡੇ ਗੱਡੇ। ਉਨ੍ਹਾਂ ਕਿਹਾ ਕਿ ਮੁਸ਼ਕਲ ਹਾਲਾਤ ਤੇ ਰਾਹ ਵਿੱਚ ਆਏ ਅੜਿੱਕਿਆਂ ਦੇ ਬਾਵਜੂਦ ਇਨ੍ਹਾਂ ਵਿਸ਼ੇਸ਼ ਖਿਡਾਰੀਆਂ ਨੇ ਮੁਲਕ ਲਈ ਤਮਗੇ ਜਿੱਤੇ। ਪੰਜਾਬ ਵਿੱਚ ਖੇਡਾਂ ਨੂੰ ਉਤਸ਼ਾਹਤ ਕਰਨ ਲਈ ਸੂਬਾ ਸਰਕਾਰ ਦੀ ਦ੍ਰਿੜ੍ਹ ਵਚਨਬੱਧਤਾ ਦੁਹਰਾਉਂਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹਾਲ ਹੀ ਵਿੱਚ ਲਿਆਂਦੀ ਗਈ ਖੇਡ ਨੀਤੀ ਨਾਲ ਪੈਰਾ ਖਿਡਾਰੀਆਂ ਦੇ ਨਾਲ-ਨਾਲ ਵਿਸ਼ੇਸ਼ ਉਲੰਪਿਕਸ/ਡੈੱਫ ਤੇ ਬਲਾਇੰਡ ਖੇਡਾਂ ਦੇ ਖਿਡਾਰੀਆਂ ਤੇ ਪੈਰਾ ਖਿਡਾਰੀਆਂ ਦੀ ਭਲਾਈ ਉਤੇ ਵੱਧ ਧਿਆਨ ਦਿੱਤਾ ਗਿਆ ਹੈ।

ਮੁੱਖ ਮੰਤਰੀ ਨੇ ਰੋਲਰ ਸਕੇਟਿੰਗ ਵਿੱਚ ਸੋਨੇ ਦਾ ਤਮਗਾ ਜਿੱਤਣ ਵਾਲੀ ਐਮ.ਡੀ. ਨਿਸਾਰ, ਦੋ ਕਾਂਸੀ ਦੇ ਤਮਗੇ ਜਿੱਤਣ ਵਾਲੀ ਰੇਨੂ ਅਤੇ ਇਕ ਕਾਂਸੀ ਦਾ ਤਮਗਾ ਜਿੱਤਣ ਵਾਲੀ ਸੀਤਾ ਦਾ ਸਨਮਾਨ ਕੀਤਾ। ਇਸ ਤੋਂ ਇਲਾਵਾ ਉਨ੍ਹਾਂ ਰਵਾਇਤੀ ਫੁਟਬਾਲ ਮੁਕਾਬਲੇ ਵਿੱਚ ਸੋਨੇ ਦਾ ਤਮਗਾ ਜਿੱਤਣ ਵਾਲੇ ਜਤਿੰਦਰ ਸਿੰਘ ਤੇ ਹਰਜੀਤ ਸਿੰਘ, ਬਾਸਕਿਟਬਾਲ ਵਿੱਚ ਚਾਂਦੀ ਦਾ ਤਮਗਾ ਜਿੱਤਣ ਵਾਲੀ ਪ੍ਰਿਆ ਦੇਵੀ, ਯੂਨੀਫਾਈਡ ਫੁਟਬਾਲ ਵਿੱਚ ਕਾਂਸੀ ਦਾ ਤਮਗਾ ਜਿੱਤਣ ਵਾਲੀ ਜਯੋਤੀ ਕੌਰ ਦਾ ਵੀ ਸਨਮਾਨ ਕੀਤਾ ਗਿਆ। ਜ਼ਿਕਰਯੋਗ ਹੈ ਕਿ ਪੰਜਾਬ ਨਾਲ ਸਬੰਧਤ ਸੱਤ ਵਿਸ਼ੇਸ਼ ਖਿਡਾਰੀ, ਇਕ ਯੂਨੀਫਾਈਡ ਪਾਰਟਲਰ ਤੇ ਇਕ ਕੋਚ ਸਮੇਤ ਨੌਂ ਮੈਂਬਰ ਭਾਰਤੀ ਦਲ ਦਾ ਹਿੱਸਾ ਸਨ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਕੈਬਨਿਟ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ, ਵਿਸ਼ੇਸ਼ ਮੁੱਖ ਸਕੱਤਰ ਸਰਵਜੀਤ ਸਿੰਘ, ਮੁੱਖ ਮੰਤਰੀ ਦੇ ਵਿਸ਼ੇਸ਼ ਪ੍ਰਮੁੱਖ ਸਕੱਤਰ ਰਵੀ ਭਗਤ ਅਤੇ ਕੁਮਾਰ ਅਮਿਤ ਹਾਜ਼ਰ ਸਨ।

# ਅਮਰੀਕਾ ਵਿਚ ਮਨੁੱਖੀ ਤਸਕਰੀ ਦੇ ਦੋਸ਼ ਵਿਚ 'ਆਪ੍ਰੇਸ਼ਨ ਬੈਡ ਬਾਰਬੀ' ਤਹਿਤ 23 ਜਾਣੇ ਗ੍ਰਿਫ਼ਤਾਰ, 5 ਪੰਜਾਬੀ ਵੀ ਸ਼ਾਮਿਲ




ਕੈਲਿਫੋਰਨੀਆ, 17 ਅਗਸਤ (ਪੋਸਟ ਬਿਊਰੋ): ਅਮਰੀਕਾ ਵਿਚ ਮਨੁੱਖੀ ਤਸਕਰੀ ਅਤੇ ਬੱਚਿਆਂ ਦੇ ਜਿਨਸੀ ਸ਼ੋਸ਼ਣ ਦੇ ਦੋਸ਼ 'ਚ 23 ਲੋਕਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਇਨ੍ਹਾਂ 23 ਲੋਕਾਂ ਵਿੱਚ 5 ਭਾਰਤੀ ਨਾਗਰਿਕ ਵੀ ਸ਼ਾਮਿਲ ਹਨ। ਦਰਅਸਲ, ਯੂਨਾਈਟਿਡ ਸਟੇਟਸ ਸੀਕਰੇਟ ਸਰਵਿਸ, ਹੋਮਲੈਂਡ ਸਕਿਓਰਿਟੀ, ਐਫਬੀਆਈ ਸਮੇਤ ਹੋਰ ਸੁਰੱਖਿਆ ਏਜੰਸੀਆਂ ਨੇ ਮਨੁੱਖੀ ਤਸਕਰੀ ਨੂੰ ਰੋਕਣ ਲਈ ਮੁਹਿੰਮ ਚਲਾਈ ਹੈ।

ਕੈਲੀਫੋਰਨੀਆ ਦੇ ਕੇਰਨ ਕਾਉਂਟੀ ਵਿੱਚ ਚਲਾਈ ਜਾ ਰਹੀ ਇਸ ਮੁਹਿੰਮ ਨੂੰ 'ਆਪ੍ਰੇਸ਼ਨ ਬੈਡ ਬਾਰਬੀ' ਦਾ ਨਾਂ ਦਿੱਤਾ ਗਿਆ ਹੈ। ਦੂਜੇ ਪਾਸੇ ਜਿਨ੍ਹਾਂ 5 ਭਾਰਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ, ਉਹ ਪੰਜਾਬ ਦੇ ਹਨ। ਇਨ੍ਹਾਂ ਵਿੱਚ 35 ਸਾਲਾ ਜਸਵਿੰਦਰ ਸਿੰਘ, 54 ਸਾਲਾ ਜੋਗਿੰਦਰ ਸਿੰਘ, 54 ਸਾਲਾ ਰਾਜਿੰਦਰਪਾਲ ਸਿੰਘ, 33 ਸਾਲਾ ਨਿਸ਼ਾਨ ਸਿੰਘ ਅਤੇ 44 ਸਾਲਾ ਕਰਨੈਲ ਸਿੰਘ ਸ਼ਾਮਿਲ ਹਨ।

ਕੇਰਨ ਕਾਉਂਟੀ ਵਿੱਚ ਬੇਕਰਸਫੀਲਡ ਲਾਅ ਇਨਫੋਰਸਮੈਂਟ ਦੀ ਜ਼ਿਲ੍ਹਾ ਅਟਾਰਨੀ, ਸਿੰਥੀਆ ਜ਼ਮਿਰ ਨੇ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕੈਲੀਫੋਰਨੀਆ ਦੇ ਨਿਆਂ ਵਿਭਾਗ ਨੇ ਤਸਕਰੀ ਵਿਰੋਧੀ ਮੁਹਿੰਮ ਨੂੰ 'ਆਪ੍ਰੇਸ਼ਨ ਬੈਡ ਬਾਰਬੀ' ਨਾਮ ਦਿੱਤਾ ਹੈ। ਇਸ ਕਾਰਵਾਈ ਦੇ ਹਿੱਸੇ ਵਜੋਂ ਫੜ੍ਹੇ ਗਏ ਜ਼ਿਆਦਾਤਰ ਨੌਜਵਾਨ ਕੇਰਨ ਕਾਉਂਟੀ ਦੇ ਹਨ।

ਜ਼ਿਲ੍ਹਾ ਅਟਾਰਨੀ ਸਿੰਥੀਆ ਜ਼ਿਮਰ ਨੇ ਕਿਹਾ ਕਿ ਉਸ ਨੂੰ ਮਨੁੱਖੀ ਤਸਕਰੀ ਤੋਂ ਇਲਾਵਾ ਬਾਲ ਜਿਨਸੀ ਸ਼ੋਸ਼ਣ ਦੇ ਮਾਮਲੇ ਮਿਲੇ ਹਨ। ਬੱਚਿਆਂ ਕੋਲ ਕੁਝ ਇਤਰਾਜ਼ਯੋਗ ਸਮੱਗਰੀ ਵੀ ਮਿਲੀ। ਜਿਸ ਦੇ ਆਧਾਰ 'ਤੇ ਕੁਝ ਲੋਕਾਂ ਨੂੰ ਗ੍ਰਿਫਤਾਰ ਕੀਤਾ ਗਿਆ ਸੀ ਪਰ ਜਦੋਂ ਮਾਮਲਾ ਵੱਡਾ ਹੋ ਗਿਆ ਤਾਂ ਸਾਰੀਆਂ ਏਜੰਸੀਆਂ ਨੇ ਮਿਲ ਕੇ ਕਾਰਵਾਈ ਕੀਤੀ। ਇਸ ਆਪਰੇਸ਼ਨ ਦੌਰਾਨ 3 ਪੀੜਤਾਂ ਨੂੰ ਵੀ ਬਚਾਇਆ ਗਿਆ ਹੈ।

# ਰਾਸ਼ਟਰਪਤੀ ਮੁਰਮੂ ਨੇ ਜੰਗੀ ਬੇੜਾ ਆਈ.ਐੱਨ.ਐੱਸ. ਵਿੰਧਿਆਗਿਰੀ ਕੀਤਾ ਲਾਂਚ ਕੀਤਾ, ਨਵੀਂ ਰਾਡਾਰ ਪ੍ਰਣਾਲੀ ਅਤੇ ਐਂਟੀ-ਸਬਮਰੀਨ ਸਿਸਟਮ ਨਾਲ ਲੈਸ

ਨਵੀਂ ਦਿੱਲੀ, 17 ਅਗਸਤ (ਪੋਸਟ ਬਿਊਰੋ): ਰਾਸ਼ਟਰਪਤੀ ਅਤੇ ਭਾਰਤੀ ਫੌਜਾਂ ਦੀ ਸੁਪਰੀਮ ਕਮਾਂਡਰ ਦ੍ਰੋਪਦੀ ਮੁਰਮੂ 17 ਅਗਸਤ ਨੂੰ ਪੱਛਮੀ ਬੰਗਾਲ ਪਹੁੰਚੇ। ਉਨ੍ਹਾਂ ਨੇ ਕੋਲਕਾਤਾ ਵਿੱਚ ਜੰਗੀ ਬੇੜੇ (ਜੰਗੀ ਜਹਾਜ਼) ਆਈਐੱਨਐੱਸ ਵਿੰਧਿਆਗਿਰੀ ਨੂੰ ਲਾਂਚ ਕੀਤਾ। ਇਹ ਨੀਲਗਿਰੀ ਕਲਾਸ ਫ੍ਰੀਗੇਟ ਇੱਕ ਸਟੀਲਥ ਗਾਈਡਡ ਮਿਜ਼ਾਈਲ ਜੰਗੀ ਜਹਾਜ਼ ਹੈ।



ਰਿਪੋਰਟਾਂ ਦੇ ਅਨੁਸਾਰ, ਪ੍ਰੋਜੈਕਟ 17 ਏ ਦੇ ਜਹਾਜ਼ਾਂ ਨੂੰ ਭਾਰਤੀ ਜਲ ਸੈਨਾ ਦੇ ਜੰਗੀ ਜਹਾਜ਼ ਡਿਜ਼ਾਈਨ ਬਿਊਰੋ ਦੁਆਰਾ ਅੰਦਰੂਨੀ ਰੂਪ ਵਿੱਚ ਡਿਜ਼ਾਈਨ ਕੀਤਾ ਗਿਆ ਹੈ। ਇਸ ਵਿੱਚ ਬ੍ਰਹਮੋਸ ਮਿਜ਼ਾਈਲ ਵੀ ਤਾਇਨਾਤ ਕੀਤੀ ਗਈ ਹੈ। ਇਸ ਜੰਗੀ ਬੇੜੇ ਵਿੱਚ ਦੋ ਹੈਲੀਕਾਪਟਰ ਵੀ ਤਾਇਨਾਤ ਕੀਤੇ ਜਾ ਸਕਦੇ ਹਨ।

ਇਹ ਜੰਗੀ ਜਹਾਜ਼ ਐਂਟੀ-ਸਬਮਰੀਨ ਰਾਕੇਟ ਲਾਂਚਰ ਅਤੇ ਆਟੋ ਮੇਲਾਰਾ ਨੇਵਲ ਗੰਨ ਨਾਲ ਵੀ ਲੈਸ ਹਨ, ਜੋ ਦੁਸ਼ਮਣ ਦੇ ਜਹਾਜ਼ ਜਾਂ ਹੈਲੀਕਾਪਟਰ 'ਤੇ ਹਮਲਾ ਕਰਕੇ ਉਸ ਨੂੰ ਤਬਾਹ ਕਰ ਸਕਦੇ ਹਨ। ਇਸ ਤੋਂ ਇਲਾਵਾ ਵਿੰਧਿਆਗਿਰੀ ਬਰਾਕ-8 ਮਿਜ਼ਾਈਲ ਲਾਂਚ ਕਰਨ ਦੇ ਸਮਰੱਥ ਹੈ।



ਇਹ ਉੱਤਮ ਸਟੀਲਥ ਵਿਸ਼ੇਸ਼ਤਾਵਾਂ, ਉੱਨਤ ਹਥਿਆਰ, ਸੈਂਸਰ, ਪਲੇਟਫਾਰਮ ਪ੍ਰਬੰਧਨ ਪ੍ਰਣਾਲੀ, ਨਵੀਨਤਮ ਰਾਡਾਰ ਪ੍ਰਣਾਲੀ ਅਤੇ ਐਂਟੀ-ਸਬਮਰੀਨ ਹਥਿਆਰ ਪ੍ਰਣਾਲੀ ਨਾਲ ਲੈਸ ਹੈ।

ਆਈਐੱਨਐੱਸ ਵਿੰਧਿਆਗਿਰੀ ਦਾ ਵਿਸਥਾਪਨ 6670 ਟਨ ਹੈ। ਇਹ ਲਗਭਗ 488.10 ਫੁੱਟ ਲੰਬਾ ਹੈ। ਇਸ ਦੀ ਬੀਮ 58.7 ਫੁੱਟ ਹੈ। ਇਸ ਵਿੱਚ ਦੋ ਡੀਜ਼ਲ ਇੰਜਣ ਹਨ। ਇਸ ਤੋਂ ਇਲਾਵਾ 2 ਜਨਰਲ ਇਲੈਕਟ੍ਰਿਕ ਇੰਜਣ ਫਿੱਟ ਕੀਤੇ ਗਏ ਹਨ।










## ਲੜਕੀ ਦੀ ਲੋੜ

Sikh Ramgarhia Boy, well settled family in Canada is looking for a suitable match for their 32-year-old son. Doing business in Ontario and Winnipeg. Canadian citizen, Height: 5"10', Active in Real Estate and Financing Business. Call: 204-510-7658 or 437-881-7282

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋ-ਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500


Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11" ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com












# ਮੁੰਬਈ ਸਟੇਸ਼ਨ 'ਤੇ ਦੋ ਵਿਅਕਤੀਆਂ ਦਾ ਝਗੜਾ, ਇੱਕ ਵਿਅਕਤੀ ਝਗੜੇ ਦੌਰਾਨ ਰੇਲ ਪਟੜੀ 'ਤੇ ਡਿੱਗਿਆ, ਰੇਲ ਨੇ ਕੱਟਿਆ, ਮੌਤ



ਮੁੰਬਈ, 17 ਅਗਸਤ (ਪੋਸਟ ਬਿਊਰੋ): ਮੁੰਬਈ ਦੇ ਸਿਓਨ ਰੇਲਵੇ ਸਟੇਸ਼ਨ 'ਤੇ ਇਕ ਵਿਅਕਤੀ ਦੀ ਰੇਲਗੱਡੀ ਦੀ ਚਪੇਟ ਵਿਚ ਆਉਣ ਨਾਲ ਮੌਤ ਹੋ ਗਈ। ਘਟਨਾ 13 ਅਗਸਤ ਦੀ ਹੈ। ਇਸ ਦਾ ਵੀਡੀਓ ਹੁਣ ਸਾਹਮਣੇ ਆਇਆ ਹੈ। ਦਰਅਸਲ ਰੇਲਵੇ ਸਟੇਸ਼ਨ 'ਤੇ ਇਕ ਔਰਤ ਨੂੰ ਉਸ ਵਿਅਕਤੀ ਤੋਂ ਧੱਕਾ ਲੱਗ ਗਿਆ ਸੀ। ਇਸ ਤੋਂ ਨਾਰਾਜ਼ ਹੋ ਕੇ ਉਸ ਨੇ ਅਤੇ ਉਸ ਦੇ ਪਤੀ ਨੇ ਉਸ ਦੀ ਕੁੱਟਮਾਰ ਕੀਤੀ।

ਝਗੜੇ ਵਿੱਚ ਉਹ ਵਿਅਕਤੀ ਪਟੜੀ 'ਤੇ ਡਿੱਗ ਗਿਆ ਅਤੇ ਫਿਰ ਟਰੇਨ ਆ ਗਈ ਅਤੇ ਉਸ ਨੂੰ ਕੁਚਲ ਦਿੱਤਾ ਅਤੇ ਉਸ ਦੀ ਮੌਤ ਹੋ ਗਈ। ਪੁਲਿਸ ਨੇ ਦੱਸਿਆ ਕਿ ਦੋਸ਼ੀ ਜੋੜੇ ਨੂੰ ਗੈਰਇਰਾਦਾ ਕਤਲ ਮਾਮਲੇ ਵਿੱਚ ਗ੍ਰਿਫਤਾਰ ਕੀਤਾ ਗਿਆ ਹੈ।

ਇਸ ਘਟਨਾ ਦੀ ਇੱਕ ਸੀਸੀਟੀਵੀ ਵੀਡੀਓ ਸਾਹਮਣੇ ਆਈ ਹੈ। ਵੀਡੀਓ 'ਚ ਦੇਖਿਆ ਜਾ ਸਕਦਾ ਹੈ ਕਿ ਦਿਨੇਸ਼ ਪਲੇਟਫਾਰਮ 'ਤੇ ਟਰੇਨ ਦਾ ਇੰਤਜ਼ਾਰ ਕਰ ਰਿਹਾ ਹੈ। ਉਦੋਂ ਹੀ ਸ਼ੀਤਲ ਮਾਨੇ ਨਾਂ ਦੀ ਔਰਤ ਨਾਲ ਟਕਰਾ ਜਾਂਦਾ ਹੈ। ਧੱਕਾ ਦਿੱਤੇ ਜਾਣ ਤੋਂ ਬਾਅਦ ਔਰਤ ਨੇ ਦਿਨੇਸ਼ ਨੂੰ ਛੱਤਰੀ ਨਾਲ ਮਾਰਨਾ ਸ਼ੁਰੂ ਕਰ ਦਿੱਤਾ।

ਇਹ ਦੇਖ ਕੇ ਔਰਤ ਦੇ ਪਤੀ ਅਵਿਨਾਸ਼ ਨੇ ਗੁੱਸੇ 'ਚ ਦਿਨੇਸ਼ ਨੂੰ ਥੱਪੜ ਮਾਰ ਦਿੱਤਾ। ਥੱਪੜ ਲੱਗਣ ਨਾਲ ਦਿਨੇਸ਼ ਠੋਕਰ ਖਾ ਕੇ ਟਰੈਕ 'ਤੇ ਡਿੱਗ ਗਿਆ। ਉਹ ਉੱਠਣ ਦੀ ਕੋਸ਼ਿਸ਼ ਕਰਦਾ ਹੈ ਪਰ ਉਦੋਂ ਹੀ ਟਰੇਨ ਆ ਜਾਂਦੀ ਹੈ ਅਤੇ ਦਿਨੇਸ਼ ਉਸ ਵਿੱਚ ਫਸ ਜਾਂਦਾ ਹੈ ਅਤੇ ਘਸੀਟਦਾ ਹੋਇਆ ਅੱਗੇ ਜਾਂਦਾ ਹੈ। ਉਸ ਨੂੰ ਤੁਰੰਤ ਹਸਪਤਾਲ ਲਿਜਾਇਆ ਜਾਂਦਾ ਹੈ। ਇਲਾਜ ਦੌਰਾਨ ਉਸ ਦੀ ਮੌਤ ਹੋ ਗਈ।

ਪੁਲਸ ਨੇ ਦੱਸਿਆ ਕਿ ਮੁੱਢਲੀ ਜਾਂਚ ਦੌਰਾਨ ਪਤਾ ਲੱਗਾ ਹੈ ਕਿ ਦਿਨੇਸ਼ ਨੇ ਸ਼ਰਾਬ ਪੀਤੀ ਹੋਈ ਸੀ। ਉਹ ਮੁੰਬਈ ਦੀ ਬੱਸ ਸਰਵਿਸ ਵਿੱਚ ਲੋਡਰ ਦਾ ਕੰਮ ਕਰਦਾ ਸੀ। ਸੀਸੀਟੀਵੀ ਫੁਟੇਜ ਦੇ ਆਧਾਰ 'ਤੇ ਦੋਸ਼ੀ ਪਤੀ-ਪਤਨੀ (ਅਵਿਨਾਸ਼ ਅਤੇ ਸ਼ੀਤਲ) ਨੂੰ ਗੈਰਇਰਾਦਾ ਕਤਲ ਮਾਮਲੇ ਵਿਚ ਗ੍ਰਿਫਤਾਰ ਕਰ ਲਿਆ ਗਿਆ ਹੈ। ਦੋਵੇਂ ਧਾਰਾਵੀ ਦੇ ਰਹਿਣ ਵਾਲੇ ਹਨ ਅਤੇ ਘਟਨਾ ਦੇ ਸਮੇਂ ਸਾਇਨ ਤੋਂ ਮਾਨਖੁਰਦ ਜਾ ਰਹੇ ਸਨ।

# ਸਰਕਾਰੀ ਬ੍ਰਿਜਿੰਦਰਾ ਕਾਲਜ ਫ਼ਰੀਦਕੋਟ ਵਿਖੇ ਬੀ.ਐੱਸ.ਸੀ. ਖੇਤੀਬਾੜੀ ਕੋਰਸ ਮੁੜ ਸੁਰਜੀਤ : ਸੰਧਵਾਂ



ਚੰਡੀਗੜ੍ਹ, 17 ਅਗਸਤ (ਪੋਸਟ ਬਿਊਰੋ): ਸਰਕਾਰੀ ਬ੍ਰਿਜਿੰਦਰਾ ਕਾਲਜ ਫ਼ਰੀਦਕੋਟ ਵਿਖੇ ਵਿਖੇ ਬੀ.ਐਸ.ਸੀ. ਖੇਤੀਬਾੜੀ ਕੋਰਸ ਮੁੜ ਸ਼ੁਰੂ ਹੋ ਗਿਆ ਹੈ ਅਤੇ ਹੁਣ ਇੱਥੇ ਹਰ ਸਾਲ 60 ਸੀਟਾਂ 'ਤੇ ਦਾਖਲੇ ਕੀਤੇ ਜਾਣਗੇ। ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਇਹ ਜਾਣਕਾਰੀ ਦਿੰਦਿਆਂ ਕਿ ਸਰਕਾਰੀ ਬ੍ਰਿਜਿੰਦਰਾ ਕਾਲਜ ਫ਼ਰੀਦਕੋਟ ਵਿਖੇ ਬੀ.ਐਸ.ਸੀ. ਖੇਤੀਬਾੜੀ ਕੋਰਸ ਦੀ ਬੰਦ ਕੀਤੀ ਗਈ ਪੜ੍ਹਾਈ ਨੂੰ ਮੁੜ ਸ਼ੁਰੂ ਕਰਵਾਉਣ ਲਈ ਪਿਛਲੇ ਮਹੀਨਿਆਂ ਦੌਰਾਨ ਖੇਤੀਬਾੜੀ ਵਿਭਾਗ, ਉਚੇਰੀ ਸਿੱਖਿਆ, ਪੰਜਾਬੀ ਯੂਨੀਵਰਸਿਟੀ ਅਤੇ ਖੇਤੀਬਾੜੀ ਯੂਨੀਵਰਸਿਟੀ ਦੇ ਸੀਨੀਅਰ ਅਧਿਕਾਰੀਆਂ ਨਾਲ ਮੀਟਿੰਗਾਂ ਕੀਤੀਆਂ ਗਈਆਂ ਸਨ। ਉਨ੍ਹਾਂ ਕਿਹਾ ਕਿ ਕਾਲਜ ਵਿਖੇ ਹੁਣ ਇਸ ਕੋਰਸ ਦੀ ਪੜ੍ਹਾਈ ਮੁੜ ਸ਼ੁਰੂ ਕਰਵਾਉਣ ਲਈ ਲੋੜੀਂਦੀਆਂ ਕਾਰਵਾਈਆਂ ਮੁਕੰਮਲ ਕਰ ਲਈਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਕਾਲਜ ਵਿਖੇ ਬੀ.ਐਸ.ਸੀ. ਖੇਤੀਬਾੜੀ ਕੋਰਸ ਲਈ ਰਾਖਵੀਆਂ 60 ਸੀਟਾਂ 'ਤੇ ਦਾਖਲੇ ਕੀਤੇ ਜਾਣਗੇ।

ਸੰਧਵਾਂ ਨੇ ਦੱਸਿਆ ਕਿ ਸਰਕਾਰੀ ਬ੍ਰਿਜਿੰਦਰਾ ਕਾਲਜ ਫ਼ਰੀਦਕੋਟ ਮਾਲਵੇ ਖੇਤਰ ਦੀ ਅਹਿਮ ਵਿੱਦਿਅਕ ਸੰਸਥਾ ਹੈ, ਜਿੱਥੇ ਹੋਰਨਾਂ ਡਿਗਰੀਆਂ ਦੇ ਨਾਲ-ਨਾਲ ਬੀ.ਐਸ.ਸੀ. (ਖੇਤੀਬਾੜੀ) ਕੋਰਸ ਵੀ ਪੜ੍ਹਾਇਆ ਜਾਂਦਾ ਸੀ। ਉਨਾਂ ਦੱਸਿਆ ਕਿ ਸਾਲ 2019 ਦੌਰਾਨ ਵਿਦਿਆਰਥੀਆਂ ਦੇ ਆਖ਼ਰੀ ਬੈਚ ਨੇ ਬੀ.ਐਸ.ਸੀ. (ਖੇਤੀਬਾੜੀ) ਕੋਰਸ ਲਈ ਕਾਲਜ ਵਿਖੇ ਦਾਖ਼ਲਾ ਲਿਆ ਸੀ ਅਤੇ ਇਸ ਵਰੇ ਉਸ ਬੈਚ ਦਾ ਆਖ਼ਰੀ ਸਾਲ ਸੀ। ਉਨ੍ਹਾਂ ਕਿਹਾ ਕਿ ਖੇਤੀਬਾੜੀ ਕੋਰਸ ਕਰਨ ਦੇ ਚਾਹਵਾਨ ਇਲਾਕੇ ਦੇ ਵਿਦਿਆਰਥੀਆਂ ਦੇ ਭਵਿੱਖ ਨਾਲ ਖਿਲਵਾੜ ਹੋਣ ਤੋਂ ਰੋਕਣ ਲਈ ਬੰਦ ਕੀਤੇ ਗਏ ਇਸ ਕੋਰਸ ਨੂੰ ਮੁੜ ਸ਼ੁਰੂ ਕਰਵਾਇਆ ਜਾ ਰਿਹਾ ਹੈ।

ਸੰਧਵਾਂ ਨੇ ਕਿਹਾ ਕਿ ਇਸ ਕੋਰਸ ਦੇ ਸ਼ੁਰੂ ਹੋਣ ਨਾਲ ਬੜੇ ਦੂਰਦਰਸ਼ੀ ਨਤੀਜੇ ਹਾਸਲ ਹੋਣਗੇ, ਜਿਸ ਤਹਿਤ ਜਿੱਥੇ ਇਸ ਇਲਾਕੇ ਦੇ ਆਰਥਿਕ ਤੌਰ 'ਤੇ ਕਮਜ਼ੋਰ ਵਰਗ ਦੇ ਨੌਜਵਾਨਾਂ ਨੂੰ ਖੇਤੀਬਾੜੀ ਵਿਗਿਆਨਕ ਢੰਗ ਨਾਲ ਕਰਨ ਦੀ ਸੋਝੀ ਆਵੇਗੀ, ਉੱਥੇ ਨਾਲ ਹੀ ਕਿਸਾਨਾਂ ਨੂੰ ਵੀ ਅਸਿੱਧੇ ਤੌਰ ਤੇ ਲਾਭ ਹੋਵੇਗਾ।

# ਮੁੱਖ ਮੰਤਰੀ ਨੇ ਏਸ਼ੀਅਨ ਹਾਕੀ ਚੈਂਪੀਅਨ ਟਰਾਫੀ ਦੀ ਜੇਤੂ ਟੀਮ ਵਿੱਚ ਸ਼ਾਮਲ ਪੰਜਾਬ ਦੇ ਖਿਡਾਰੀਆਂ ਦੀ ਪਿੱਠ ਥਾਪੜੀ

## -ਪੰਜਾਬ ਸਰਕਾਰ ਖੇਡਾਂ ਦੇ ਖੇਤਰ ਵਿਚ ਸੂਬੇ ਦੀ ਪੁਰਾਤਨ ਸ਼ਾਨ ਬਹਾਲ ਕਰਨ ਲਈ ਵਚਨਬੱਧ



ਚੰਡੀਗੜ੍ਹ, 17 ਅਗਸਤ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਭਾਰਤੀ ਹਾਕੀ ਟੀਮ ਵਿਚ ਸ਼ਾਮਲ ਪੰਜਾਬ ਦੇ ਖਿਡਾਰੀਆਂ ਦੀ ਪਿੱਠ ਥਾਪੜੀ ਜਿਨ੍ਹਾਂ ਨੇ ਹਾਲ ਹੀ ਏਸ਼ੀਅਨ ਹਾਕੀ ਚੈਂਪੀਅਨ ਦੇ ਫਾਈਨਲ ਵਿਚ ਮਲੇਸ਼ੀਆ ਨੂੰ ਹਰਾ ਕੇ ਟੂਰਨਾਮੈਂਟ ਜਿੱਤ ਕੇ ਮੁਲਕ ਦਾ ਨਾਮ ਰੌਸ਼ਨ ਕੀਤਾ।

ਹਾਕੀ ਖਿਡਾਰੀਆਂ ਨੇ ਮੁੱਖ ਮੰਤਰੀ ਦੀ ਸਰਕਾਰੀ ਰਿਹਾਇਸ਼ ਉਤੇ ਮੁੱਖ ਮੰਤਰੀ ਨਾਲ ਮੁਲਾਕਾਤ ਕੀਤੀ। ਇਸ ਦੌਰਾਨ ਖਿਡਾਰੀਆਂ ਨੂੰ ਵਧਾਈ ਦਿੰਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਖੇਡਾਂ ਨੂੰ ਹੋਰ ਪ੍ਰਫੁੱਲਤ ਕਰਕੇ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਪੂਰਨ ਤੌਰ ਉਤੇ ਵਚਨਬੱਧ ਹੈ। ਮੁੱਖ ਮੰਤਰੀ ਨੇ ਸੂਬੇ ਵਿਚ ਹਾਕੀ ਦੀ ਸ਼ਾਨ ਮੁੜ ਬਹਾਲ ਕਰਨ ਲਈ ਹਰ ਸੰਭਵ ਯਤਨ ਕਰਨ ਦਾ ਪ੍ਰਣ ਕੀਤਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬੀਆਂ ਨੇ ਹਮੇਸ਼ਾ ਹੀ ਹਾਕੀ ਦੇ ਖੇਤਰ ਵਿੱਚ ਸ਼ਾਨਦਾਰ ਖੇਡ ਦਾ ਪ੍ਰਗਟਾਵਾ ਕੀਤਾ ਹੈ ਅਤੇ ਸੂਬੇ ਦਾ ਨਾਮ ਰੌਸ਼ਨ ਕੀਤਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਟੋਕੀਓ ਵਿਖੇ ਹੋਈਆਂ ਓਲੰਪਿਕ ਖੇਡਾਂ ਵਿਚ ਵੀ ਭਾਰਤੀ ਹਾਕੀ ਟੀਮ ਨੇ 41 ਸਾਲਾਂ ਮਗਰੋਂ ਤਮਗਾ ਜਿੱਤ ਕੇ ਇਤਿਹਾਸ ਸਿਰਜਿਆ ਸੀ ਅਤੇ ਪੰਜਾਬ ਲਈ ਇਹ ਪ੍ਰਾਪਤੀ ਹੋਰ ਵੀ ਮਾਣ ਵਾਲੀ ਸੀ ਕਿਉਂਕਿ ਉਸ ਮੌਕੇ ਇਸ ਟੀਮ ਦੇ ਕਪਤਾਨ ਮਨਪ੍ਰੀਤ ਸਿੰਘ ਸਮੇਤ 10 ਖਿਡਾਰੀ ਪੰਜਾਬ ਨਾਲ ਸਬੰਧਤ ਸਨ। ਹਾਲ ਹੀ ਏਸ਼ੀਅਨ ਚੈਂਪੀਅਨ ਟਰਾਫੀ ਵਿੱਚ ਜੇਤੂ ਝੰਡਾ ਬੁਲੰਦ ਕਰਨ ਵਾਲੀ ਭਾਰਤੀ ਟੀਮ ਵਿਚ ਕਪਤਾਨ ਹਰਮਨਪ੍ਰੀਤ ਸਿੰਘ ਅਤੇ ਉਪ ਕਪਤਾਨ ਹਾਰਦਿਕ ਸਿੰਘ ਸਮੇਤ 12 ਖਿਡਾਰੀ ਪੰਜਾਬ ਦੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਾਲ 1975 ਦੇ ਹਾਕੀ ਵਿਸ਼ਵ ਕੱਪ ਵਿੱਚ ਜਿੱਤ ਹਾਸਲ ਕਰਨ ਵਾਲੀ ਭਾਰਤੀ ਟੀਮ ਦੀ ਅਗਵਾਈ ਪੰਜਾਬ ਦੇ ਪੁੱਤਰ ਅਜੀਤ ਪਾਲ ਸਿੰਘ ਨੇ ਕੀਤੀ ਸੀ।

ਮੁੱਖ ਮੰਤਰੀ ਨੇ ਕਿਹਾ ਕਿ ਸਫਲਤਾ ਦਾ ਇਹ ਜਜ਼ਬਾ ਕਾਇਮ ਰਹਿਣਾ ਚਾਹੀਦਾ ਹੈ ਤਾਂ ਕਿ ਭਵਿੱਖ ਵਿਚ ਸਾਡੀ ਟੀਮ ਹੋਰ ਮੈਡਲ ਜਿੱਤ ਸਕੇ। ਉਨ੍ਹਾਂ ਨੇ ਦੁੱਖ ਜ਼ਾਹਰ ਕੀਤਾ ਕਿ ਹਾਕੀ ਸਾਡੀ ਕੌਮੀ ਖੇਡ ਹੋਣ ਦੇ ਬਾਵਜੂਦ ਪਿਛਲੀਆਂ ਸਰਕਾਰਾਂ ਇਸ ਨੂੰ ਬੁਰੀ ਤਰ੍ਹਾਂ ਅਣਗੌਲਿਆ ਕਰਦੀਆਂ ਰਹੀਆਂ ਹਨ ਜਿਸ ਕਰਕੇ ਇਹ ਖੇਡ ਖੇਤਰ ਵਿਚ ਬਹੁਤ ਪੱਛੜ ਗਈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਖੇਡਾਂ ਦੇ ਖੇਤਰ ਵਿਚ ਹਾਕੀ ਨੂੰ ਬਣਦਾ ਰੁਤਬਾ ਦੇਣ ਲਈ ਹਰ ਸੰਭਵ ਯਤਨ ਕਰ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਨਸ਼ਿਆਂ ਦੀ ਅਲਾਮਤ ਦੇ ਖਾਤਮੇ ਲਈ ਵੱਡੇ ਉਪਰਾਲੇ ਕਰ ਰਹੀ ਹੈ ਤਾਂ ਕਿ ਖੇਡਾਂ ਖਾਸ ਕਰਕੇ ਹਾਕੀ ਦਾ ਹੋਰ ਵੀ ਪਾਸਾਰ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਹਾਕੀ ਖੇਡ ਦੀ ਬਹਾਲੀ ਲਈ ਹੋਰ ਵਸੀਲੇ ਜੁਟਾਏ ਜਾਣਗੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਨੌਜਵਾਨਾਂ ਦੀ ਬੇਅੰਤ ਊਰਜਾ ਨੂੰ ਸਹੀ ਦਿਸ਼ਾ ਵਿਚ ਲਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਇਸ ਮੌਕੇ ਖੇਡ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਤੇ ਹੋਰ ਹਾਜ਼ਰ ਸਨ।

URGENTLY NEED NEW LISTINGS IN BRAMPTON/CALEDON
visit: www.teamjagaujla.com
ADVERTISEMENT GUARANTEED TILL SOLD
JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com
MCNE
CALL JAG AUJLA FOR A QUICK & FREE HOME EVALUATION
www.BramptonTopRealtor.com
RECENTLY LISTED/SOLD IN YOUR NEIGHBOURHOOD

**SHELBURNE** (Simon St /Hwy 89)
ਬਿਲਕੁਲ ਸ਼ਾਨਦਾਰ ਤੇ ਸਾਫ ਸੁਧਰਾ ਸੈਮੀ ਡਿਟੈਚ ਬੰਗਲੋਂ, ਸ਼ਾਤ ਕੰਮੂਨਿਟੀ ਵਿੱਚ, ਬਹੁਤ ਸਾਰੀਆਂ ਅਪਗ੍ਰੇਡਜ਼ ਤੇ 2023 ਵਿੱਚ ਹੋਈ ਰੈਨੋਵਸ਼ਨ। 3+2 ਬੈਡਰੂਮ ਤੇ 3 ਵਾਸ਼ਰੂਮ ਘਰ ਨੂੰ ਫਿਨੀਸ਼ਡ ਬੈਸਮੈਂਟ, ਪੋਟ ਲਾਇਟਸ ਆਦਿ।

**CAMBRIDGE** (Speedsville/Equestrian Way)
ਐਂਡ ਯੂਨਿਟ ਕਾਨ੍ਰ ਲਾਟ ਨੂੰ ਖੁਲ੍ਹਾ ਡੁਲ੍ਹਾ ਕਰਬ ਤੇ ਖ਼ੂਬਸੂਰਤ ਵਿਊ। 2020 ਵਿੱਚ ਬਣਿਆ, 1896 ਸਕੇਅਰ ਫੁਟ ਦਾ ਫ੍ਰੀ ਹੋਲਡ ਟਾਊਨਹੋਮ ਜਿਸ ਨੂੰ 4 ਬੈਡਰੂਮ ਤੇ 3 ਵਾਸ਼ਰੂਮ। ਲੈਮੀ-ਨੇਟਡ ਫਲੋਰ। ਹਾਈਵੇ 401, ਪਾਰਕ ਤੇ ਸਕੂਲ ਦੇ ਨੇੜੇ।

**BRAMPTON** (Mclaughlin / Steeles / Mavis)
ਸੋਹਣੇ ਤੇ ਸ਼ਾਨਦਾਰ ਡਿਟੈਚ ਘਰ ਨੂੰ ਬਹੁਤ ਸਾਰੀਆਂ ਅਪਗ੍ਰੇਡਜ਼। 2200 ਸਕੇਅਰ ਫੁਟ ਵਿੱਚ 4+1 ਬੈਡਰੂਮ ਤੇ 4 ਵਾਸ਼ਰੂਮ ਨੂੰ ਫਿਨੀਸ਼ਡ ਬੈਸਮੈਂਟ। ਸ਼ੈਰੀਡਨ ਕਾਲਜ ਦੇ ਨੇੜੇ ਤੇ ਹੋਰ ਵੀ ਬਹੁਤ ਕੁਝ। ਸੰਪਰਕ ਕਰੋ।

**BRAMPTON** (Wanless/Mclaughlin)
ਸ਼ਾਨਦਾਰ ਤੇ ਸਾਫ ਸੁਧਰਾ, 2016 ਵਿੱਚ ਬਣਿਆ 4364 ਸਕੇਅਰ ਫੁਟ ਦਾ ਡਿਟੈਚ ਘਰ 4 ਬੈਡਰੂਮ ਤੇ 5 ਵਾਸ਼ਰੂਮ ਤੇ ਨਾਲ ਹੀ ਫਿਨੀਸ਼ਡ ਬੈਸਮੈਂਟ ਜਿਸ ਨੂੰ ਸੇਪਰੈਟ ਏਨੇਂਟਰੈਂਸ। ਬਹੁਤ ਸਾਰੀਆਂ ਅਪਗ੍ਰੇਡਜ਼ ਤੇ ਹੋਰ ਵੀ ਬਹੁਤ ਕੁਝ।

FREE
- Full MLS services
- Consistent marketing until your property is sold
- Competitive rates, exceptional service & award winning results
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold

RE/MAX REALTY SPECIALISTS INC.
Ph:905-456-3232
*Seller & Jag Aujla Broker of RE/MAX Realty Specialist Inc. must agree on the terms & conditions, closing date and listing price at the time of listing. Guaranteed program only for peel region homes under $1 million price.
JAG AUJLA MCNE, Real Estate Broker 416-371-7777
NOT INTENDED TO SOLICIT BUYERS OR SELLERS CURRENTLY UNDER CONTRACT

Dr. Randhawa Dentistry
Your own dentist who really cares for you
We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

Dr. Samreet Kaur Randhawa
General Family Dentist
New Patients welcome
Deal Directly with all Insurance Companies
- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!

NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111

FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044


Mayfield Rd / Mcvean Dr / Gore Rd / DENTISTRY / Squire Ellis Dr / Countryside Dr

Grand Upholstery Ltd
Sofa Company Originality in Every Piece
- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

Special on Sale
ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ
ਕੁਆਲਿਟੀ ਮੂਹੋਂ ਬੋਲਦੀ ਹੈ
Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com

REXDALE BODY SHOP
USED CAR SALE
Specialization In:
★ All Kinds of Body Work
★ Auto Glass Windshield
★ Denting, Painting & Welding
SPECIAL PAINT JOB $779
RENTAL CAR PROVIDED
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
25 years of Canadian Experience
OPEN MON - SAT 9AM TO 7PM
CHEEMA
LOWEST PRICE IN TOWN
Call Rick or Manminder Cheema: 416.749.9596 /416.951.6431
Towing Service Car Paint Starts $799*upto 100% Deductible Paid*
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com


ROYAL CANADIAN
International
CIRCUS™
UNDER THE BIG TOP
BRAMPTON & MISSISSAUGA
July 6–August 20
2 for 1
GENERAL ADMISSION
TICKETS
at royalcanadiancircus.ca with Promo Code Punjabi


afc
ORDER ONLINE TODAY !!!
WWW.ASIANFOODCENTRE.COM
FREE PICK UP!!!
HOME DELIVERY ALSO AVAILABLE !!!
ASIAN FOOD CENTRE
VEGETARIAN FOOD
HEALTHY EATING
FRESH & LARGE VARIETY
BREAD, DAIRY & EGGS
BRANDED FOODS
FRUITS & VEGETABLES
BEVERAGES &
CONFECTIONERY
GROCERY & STAPLES
SWEET & SAMOSAS
SERVING FROM ALL LOCATIONS IN GTA AREA:
10 Westmore Drive
Etobicoke ON M9V-3Z7
416-740-3262
21 Lacoste Blvd,
Brampton, ON L6P 2K2
905 794-8109
621 Wanless drive, # 122
Brampton ON L7A 0A9
905-495-3336
1075 Ceremonial Drive
Mississauga ON L5R 2Z4
905-502-1600
80 Pertosa Drive
Brampton ON L5X-5E9
905-460-0009
10510 Torbram Road,
Brampton
905-790-0030
2120 North park Drive
Brampton ON L6S 0C9
905-793-1338
10 Pannahill Dr,
Brampton
905 913-8017